ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਵੀਰਵਾਰ, 2 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੧੭ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਵਿਚ ਵੱਡੀ ਗੈਂਗਵਾਰ, ਅਦਾਲਤ 'ਚ ਪੇਸ਼ੀ 'ਤੇ ਦੋਸਤ ਨੂੰ ਮਿਲ ਕੇ ਆ ਰਹੇ ਨੌਜਵਾਨ ਦਾ ਸ਼ਰੇਆਮ ਕਤਲ



**ਫਿਰੋਜ਼ਪੁਰ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਫਿਰੋਜ਼ਪੁਰ ਵਿਚ ਹੋਈ ਵੱਡੀ ਗੈਂਗਵਾਰ ਵਿਚ ਇਕ ਨੌਜਵਾਨ ਦਾ ਗੋਲ਼ੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਮਿਲੀ ਜਾਣਕਾਰੀ ਮੁਤਾਬਕ ਫ਼ਿਰੋਜ਼ਪੁਰ-ਫ਼ਾਜ਼ਿਲਕਾ ਰੋਡ 'ਤੇ ਇਕ ਕਾਰ 'ਚ ਸਵਾਰ ਤਿੰਨ ਵਿਅਕਤੀਆਂ 'ਤੇ ਪਿੱਛਿਓਂ ਆ ਰਹੀ ਇਕ ਹੋਰ ਕਾਰ 'ਚ ਸਵਾਰ ਕੁਝ ਵਿਅਕਤੀਆਂ ਨੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਇਸ ਗੋਲੀਬਾਰੀ ਵਿਚ ਕਾਰ 'ਚ ਸਵਾਰ ਇਕ ਨੌਜਵਾਨ ਦੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਤਿੰਨੇ ਨੌਜਵਾਨ ਆਪਣੇ ਦੋਸਤ ਦੀ ਅਦਾਲਤ ਵਿਚ ਪੇਸ਼ 'ਤੇ ਮਿਲ ਕੇ ਵਾਪਸ ਆ ਰਹੇ ਸਨ।

## ਅਕਾਲੀ ਦਲ 'ਚ ਵੱਡਾ ਧਮਾਕਾ !

# ਸੁਖਬੀਰ ਬਾਦਲ ਨੂੰ ਪ੍ਰਧਾਨਗੀ ਤੋਂ ਲਾਹੁਣ ਦਾ ਐਲਾਨ






**ਚੰਡੀਗੜ੍ਹ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਸੰਕਟ ਗਹਿਰਾ ਗਿਆ ਹੈ। ਸੁਖਬੀਰ ਬਾਦਲ ਵੱਲੋਂ ਕੁਝ ਲੀਡਰਾਂ ਨੂੰ ਪਾਰਟੀ ਵਿੱਚੋਂ ਕੱਢਣ ਮਗਰੋਂ ਅੱਜ ਬਾਗੀ ਧੜੇ ਨੇ ਵੱਡਾ ਐਲਾਨ ਕਰ ਦਿੱਤਾ ਹੈ। ਬਾਗੀ ਧੜੇ ਨੇ ਕਿਹਾ ਹੈ ਕਿ ਸੁਖਬੀਰ ਬਾਦਲ ਪ੍ਰਧਾਨਗੀ ਦੇ ਲਾਇਕ ਨਹੀਂ ਤੇ ਇਸ ਲਈ ਜਲਦ ਹੀ ਸੈਸ਼ਨ ਬਣਾ ਕੇ ਨਵੇਂ ਪ੍ਰਧਾਨ ਦੀ ਚੋਣ ਕਰਾਂਗੇ। ਬਾਗੀ ਧੜੇ ਦੇ ਲੀਡਰ ਸੁਖਦੇਵ ਸਿੰਘ ਢੀਂਡਸਾ ਬਤੌਰ ਸਰਪ੍ਰਸਤ ਸੁਖਬੀਰ ਬਾਦਲ ਨੂੰ ਤਲਬ ਕਰਨਗੇ। ਇਸ ਦੇ ਨਾਲ ਹੀ ਬਾਗੀ ਧੜੇ ਨੇ ਉਨ੍ਹਾਂ ਖਿਲਾਫ ਅਨੁਸ਼ਾਸਨ ਕਮੇਟੀ ਦਾ ਆਇਆ ਫੈਸਲਾ ਰੱਦ ਕਰ ਦਿੱਤਾ ਹੈ। ਬਾਗੀ ਧੜੇ ਦੇ ਸੀਨੀਅਰ ਲੀਡਰ ਸੁਖਦੇਵ ਸਿੰਘ ਢੀਂਡਸਾ ਨੇ ਕਿਹਾ ਕਿ ਸੁਖਬੀਰ ਬਾਦਲ ਸੰਵਿਧਾਨ ਦੇ ਖਿਲਾਫ ਕੰਮ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸਾਡੇ ਵੱਲੋਂ ਹਾਲੇ ਵੀ ਸਾਰੇ ਮੈਂਬਰ ਕਾਇਮ ਹਨ। ਬਾਗੀ ਧੜੇ ਦੇ ਲੀਡਰਾਂ ਨੇ ਕਿਹਾ ਕਿ ਸਾਰਾ ਕੁਝ ਸੰਵਿਧਾਨ ਦੇ ਖਿਲਾਫ ਹੋ ਰਿਹਾ.ਹੈ। ਸੁਖਬੀਰ ਬਾਦਲ ਨੂੰ ਕੋਈ ਹੱਕ ਨਹੀਂ ਕਿ ਕਿਸੇ ਨੂੰ ਪਾਰਟੀ ਵਿੱਚੋਂ ਕੱਢ ਸਕੇ। ਅਸੀਂ ਅਨੁਸ਼ਾਸਨ ਕਮੇਟੀ ਦਾ ਫੈਸਲਾ ਰੱਦ ਕਰਦੇ ਹਾਂ। ਜਲਦ ਸੈਸ਼ਨ ਬੁਲਾ ਕੇ ਅਗਲੀ ਕਮੇਟੀ ਬਣਾਵਾਂਗੇ। ਸੁਖਬੀਰ ਹੁਣ ਪ੍ਰਧਾਨਗੀ ਦੇ ਲਾਇਕ ਨਹੀਂ ਰਿਹਾ। ਕੋਈ ਵੀ ਸੁਖਬੀਰ ਬਾਦਲ ਨੂੰ ਪਸੰਦ ਨਹੀਂ ਕਰਦਾ। ਇਹ ਫੈਸਲਾ ਬਤੌਰ ਸਰਪ੍ਰਸਤ ਸੁਖਦੇਵ ਢੀਂਡਸਾ ਨੇ ਲਿਆ ਹੈ। ਸੁਖਦੇਵ ਸਿੰਘ ਢੀਂਡਸਾ ਨੇ ਕਿਹਾ ਹੈ ਕਿ ਕੁਝ ਲੀਡਰਾਂ ਨੂੰ ਪਾਰਟੀ 'ਚੋਂ ਕੱਢਣ ਦਾ ਫੈਸਲਾ ਰੱਦ ਕਰਦੇ ਹਾਂ। ਅੱਠ ਮੈਂਬਰ ਪਾਰਟੀ 'ਚ ਕਾਇਮ ਹਨ। ਅਨੁਸ਼ਾਸਨੀ ਕਮੇਟੀ ਦਾ ਫੈਸਲਾ ਗ਼ੈਰ ਸੰਵਿਧਾਨਕ ਹੈ। ਸਾਡੇ ਕੋਲ 26 ਜੂਨ 2024 ਦਾ ਕੋਈ ਨੋਟਿਸ ਨਹੀਂ ਆਇਆ। ਢੀਂਡਸਾ ਨੇ ਕਿਹਾ ਕਿ ਅਸੀਂ ਕੁਰਬਾਨੀਆਂ ਕੀਤੀਆਂ, ਅਸੀਂ ਜੇਲ੍ਹ 'ਚ ਗਏ, ਮੋਰਚੇ ਲੜੇ ਪਰ ਸੁਖਬੀਰ ਬਾਦਲ ਨੇ ਕੀ ਕੀਤਾ ?

## ਤਹਿਰਾਨ ਵਿੱਚ ਹਮਾਸ ਦੇ ਮੁਖੀ ਇਸਮਾਈਲ ਹਨੀਹ ਦੀ ਮੌਤ: ਈਰਾਨ ਦਾ ਇਲਜ਼ਾਮ - ਇਜ਼ਰਾਈਲ ਨੇ ਘਰ 'ਤੇ ਮਿਜ਼ਾਈਲ ਦਾਗੀ; ਅਮਰੀਕਾ ਨੇ ਕਿਹਾ- ਜਵਾਬੀ ਹਮਲਾ ਹੋਇਆ ਤਾਂ ਅਸੀਂ ਇਜ਼ਰਾਈਲ ਦਾ ਸਮਰਥਨ ਕਰਾਂਗੇ

**ਤਹਿਰਾਨ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਮਾਸ ਦਾ ਸਿਆਸੀ ਮੁਖੀ ਇਸਮਾਈਲ ਹਨੀਹ ਮਾਰਿਆ ਗਿਆ ਹੈ। ਈਰਾਨ ਦੇ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਨੇ ਇਸ ਦੀ ਪੁਸ਼ਟੀ ਕੀਤੀ ਹੈ। ਆਈਆਰਜੀਸੀ ਨੇ ਬੁੱਧਵਾਰ ਸਵੇਰੇ ਕਿਹਾ ਕਿ ਤਹਿਰਾਨ ਵਿੱਚ ਹਨੀਹ ਦੇ ਟਿਕਾਣੇ ਨੂੰ ਭਾਰਤੀ ਸਮੇਂ ਅਨੁਸਾਰ ਤੜਕੇ 2 ਵਜੇ (ਭਾਰਤੀ ਸਮੇਂ ਅਨੁਸਾਰ 4 ਵਜੇ) ਇੱਕ ਮਿਜ਼ਾਈਲ ਨਾਲ ਮਾਰਿਆ ਗਿਆ। ਇਸ 'ਚ ਹਨੀਹ ਅਤੇ ਉਸ ਦੇ ਇਕ ਬਾਡੀਗਾਰਡ ਦੀ ਮੌਤ ਹੋ ਗਈ। ਹਨੀਹ ਮੰਗਲਵਾਰ ਨੂੰ ਈਰਾਨ ਦੇ ਰਾਸ਼ਟਰਪਤੀ ਮਸੂਦ ਪਜ਼ਾਕੀਅਨ ਦੇ ਸਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਹੋਣ ਲਈ ਤਹਿਰਾਨ ਵਿੱਚ ਸਨ। ਹਮਾਸ ਨੇ ਹਨੀਹ ਦੀ ਮੌਤ ਦੀ ਪੁਸ਼ਟੀ ਕੀਤੀ ਹੈ। ਈਰਾਨ ਨੇ ਇਜ਼ਰਾਈਲ 'ਤੇ ਹਨੀਹ ਦੀ ਹੱਤਿਆ ਦਾ ਦੋਸ਼ ਲਗਾਇਆ ਹੈ। ਹਾਲਾਂਕਿ ਇਜ਼ਰਾਈਲ ਵੱਲੋਂ ਕੋਈ ਬਿਆਨ ਨਹੀਂ ਆਇਆ ਹੈ। ਸਾਊਦੀ ਦੀ ਅਲ-ਹਦਤ ਨਿਊਜ਼ ਮੁਤਾਬਕ ਹਮਾਸ ਮੁਖੀ ਨੂੰ ਕਤਰ ਦੀ ਰਾਜਧਾਨੀ ਦੋਹਾ 'ਚ ਸਸਕਾਰ ਕੀਤਾ ਜਾਵੇਗਾ। ਹਨੀਯਾਹ ਦੀ ਅਗਵਾਈ 'ਚ ਹਮਾਸ ਨੇ ਪਿਛਲੇ ਸਾਲ 7 ਅਕਤੂਬਰ ਨੂੰ ਇਜ਼ਰਾਈਲ 'ਤੇ 75 ਸਾਲਾਂ 'ਚ ਸਭ ਤੋਂ ਵੱਡਾ ਹਮਲਾ ਕੀਤਾ ਸੀ। ਇਸ ਵਿੱਚ 1,200 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਸੀ।



## ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਦੇਣ ਸੁਨਾਮ ਪਹੁੰਚੇ ਮੁੱਖ ਮੰਤਰੀ ਮਾਨ, ਕਿਹਾ- ਕਿਸਮਤ ਵਾਲੇ ਹਾਂ...

**ਸੁਨਾਮ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅੱਜ ਸੁਨਾਮ ਪਹੁੰਚੇ। ਜਿਥੇ ਉਨ੍ਹਾਂ ਨੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਜ ਪੱਧਰੀ ਪ੍ਰੋਗਰਾਮ 'ਚ ਸ਼ਾਮਲ ਹੋ ਕੇ ਸ਼ਰਧਾਂਜਲੀ ਭੇਟ ਕੀਤੀ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਮੈਂ ਇਸ ਜਗ੍ਹਾ 'ਤੇ ਹੀ ਬਚਪਨ, ਜਵਾਨੀ ਅਤੇ ਆਪਣਾ ਕਰੀਅਰ ਬਣਾਇਆ ਹੈ। ਜਿਹੜੀਆਂ ਕੌਮਾਂ ਆਪਣੇ ਵਿਰਸਾ ਅਤੇ ਸ਼ਹੀਦਾਂ ਨੂੰ ਯਾਦ ਰੱਖਦੀਆਂ ਹਨ ਉਹ ਕੌਮਾਂ ਹੀ ਹਮੇਸ਼ਾ ਜਿਊਂਦੀਆਂ ਰਹਿੰਦੀਆਂ ਹਨ। ਉਨ੍ਹਾਂ ਕਿਹਾ ਕਦੇ ਸੋਚਿਆ ਨਹੀਂ ਸੀ ਕਿ ਮੁੱਖ ਮੰਤਰੀ ਦੇ ਤੌਰ 'ਤੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਦੇਵਾਂਗਾ।



ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਆਪਣੇ ਸੀਣੇ 'ਚ 22 ਸਾਲ ਅੱਗ ਬਾਲ ਕੇ ਰੱਖੀ ਸੀ ਜਿਸ ਤੋਂ ਬਾਅਦ ਉਨ੍ਹਾਂ ਨੇ ਬਦਲਾ ਲਿਆ ਸੀ। ਉਨ੍ਹਾਂ ਕਿਹਾ ਸ਼ਹੀਦ ਊਧਮ ਸਿੰਘ ਨੇ ਗੋਲੀ ਮਾਰ ਕੇ ਕਿਹਾ ਸੀ ਕਿ ਮੇਰਾ ਕੰਮ ਹੋ ਗਿਆ ਮੈਨੂੰ ਹੁਣ ਗ੍ਰਿਫ਼ਤਾਰ ਕਰ ਲਓ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਸ ਤਰ੍ਹਾਂ ਦੇ ਲੋਕ ਘੱਟ ਮਿਲਦੇ ਹਨ ਅਸੀਂ ਤਾਂ ਕਿਸਮਤ ਵਾਲੇ ਹਾਂ ਕਿ ਸ਼ਹੀਦਾਂ ਦੀ ਧਰਤੀ ਦੇ ਪੈਦਾ ਹੋਏ ਹਾਂ।

ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੀ ਗੱਲ ਜਾਰੀ ਰੱਖਦਿਆਂ ਕਿਹਾ ਕਿ ਤੁਹਾਡਾ ਲੋਕਾਂ ਦਾ ਇੱਥੇ ਆਉਣਾ ਉਨ੍ਹਾਂ ਦੀ ਆਤਮਾ ਨੂੰ ਸਕੂਨ ਦੇਵੇਗਾਂ। ਇਹ ਕੋਈ ਰਾਜਨੀਤੀ ਦੀ ਰੈਲੀ ਨਹੀਂ ਸਗੋਂ ਸ਼ਹੀਦਾਂ ਲਈ ਇੱਥੇ ਆਏ ਹੋ। ਉਨ੍ਹਾਂ ਕਿਹਾ ਸਾਡੀਆਂ ਸ਼ਹੀਦੀਆਂ ਗੁਰੂ ਤੇਗ ਬਹਾਦਰ ਜੀ ਤੋਂ ਸ਼ੁਰੂ ਹੋਈਆਂ ਹਨ ਅਤੇ ਇੱਥੇ ਹੀ ਸਾਹਿਬਜ਼ਾਦਿਆਂ ਨੇ ਵੀ ਸ਼ਹੀਦੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਜਦੋਂ ਮੈਂ ਐੱਮ. ਪੀ. ਸੀ ਤਾਂ ਭਾਰਤ ਦੀ ਪਾਰਲੀਮੈਂਟ 'ਚ ਪਹਿਲੀ ਵਾਰ 27 ਦਸੰਬਰ 2018 ਨੂੰ ਛੋਟੇ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਦੀ ਮੰਗ ਕੀਤੀ ਸੀ ਅਤੇ 500 ਸਾਲ ਬਾਅਦ ਵੀ ਪਾਰਲੀਮੈਂਟ ਸ਼ੁਰੂ ਹੋਣ ਤੋਂ ਪਹਿਲਾਂ ਸ਼ਰਧਾਂਜਲੀ ਦਿੱਤੀ ਜਾਵੇਗੀ।

ਉੱਥੇ ਹੀ ਮੁੱਖ ਮੰਤਰੀ ਨੇ ਕਿਹਾ ਇਕ ਪਾਜੈਕਟ ਸੀ-ਪਾਈਟ ਖੇੜੇ ਤੋਂ ਸ਼ੁਰੂ ਗਿਆ ਹੈ। ਜਿਸ 'ਚ 1200 ਬੱਚੇ ਭਾਰਤੀ ਫੋਰਸ 'ਚ ਭਰਤੀ ਹੋਣ ਲਈ ਟ੍ਰੇਨਿੰਗ ਲੈਣ ਗਏ। ਇੱਥੇ ਉਨ੍ਹਾਂ ਦੀ ਸਹੂਲਤ 'ਚ ਹੋਸਟਲ, ਗਰਾਉਂਣ ਅਤੇ ਹੋਰ ਵੀ ਸੁਵਿਧਾਵਾਂ ਦਿੱਤੀਆਂ ਜਾਣਗੀਆਂ, ਜਿਸ ਦਾ ਅੱਜ ਉਦਘਾਟਨ ਕੀਤਾ ਗਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਆਜ਼ਾਦੀ ਤੋਂ ਬਾਅਦ ਪਹਿਲੀ ਮਾਲਵਾ ਨਹਿਰ ਬਣੀ ਹੈ ਜਿਸ ਨਾਲ 2 ਦੋ ਲੱਖ ਏਕੜ ਜ਼ਮੀਨ ਨੂੰ ਪਾਣੀ ਮਿਲੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਪਾਣੀ ਨੂੰ ਲੈ ਕੇ ਇਕ ਹੋਰ ਖੁਸ਼ਖਬਰੀ ਦੇਣ ਜਾ ਰਹੇ ਹਾਂ। ਉਨ੍ਹਾਂ ਕਿਹਾ 206 ਮੈਗਾਵਾਟ ਦਾ ਡੈਮ ਬਣਾਇਆ ਹੈ, ਜਿਸ ਦੀ ਨਹਿਰ ਦੋਆਬਾ ਨਹਿਰ ਜਾਵੇਗੀ।

## ਪੂਜਾ ਖੇਡਕਰ 'ਤੇ ਡਿੱਗੀ UPSC ਦੀ ਗਾਜ਼, ਹੁਣ ਨਹੀਂ ਰਹੇਗੀ IAS ਅਫਸਰ, ਪ੍ਰੀਖਿਆ ਦੇਣ 'ਤੇ ਵੀ ਲੱਗੀ ਪਾਬੰਦੀ

**ਨਵੀਂ ਦਿੱਲੀ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਯੂ. ਪੀ. ਐਸ. ਸੀ. ਨੇ ਵਿਵਾਦਾਂ 'ਚ ਘਿਰੀ IAS ਪੂਜਾ ਖੇਡਕਰ ਖਿਲਾਫ ਵੱਡੀ ਕਾਰਵਾਈ ਕੀਤੀ ਹੈ। ਹੁਣ ਉਹ ਆਈਏਐਸ ਨਹੀਂ ਰਹੇਗੀ। ਯੂਪੀਐਸਸੀ ਨੇ ਪੂਜਾ ਖੇਡਕਰ ਨੂੰ ਭਵਿੱਖ ਵਿੱਚ ਕਿਸੇ ਵੀ ਪ੍ਰੀਖਿਆ ਜਾਂ ਚੋਣ ਵਿੱਚ ਸ਼ਾਮਲ ਹੋਣ ਤੋਂ ਰੋਕ ਦਿੱਤਾ ਹੈ। ਇਸ ਤੋਂ ਇਲਾਵਾ ਸੀਐਸਈ-2022 ਲਈ ਉਸ ਦੀ ਉਮੀਦਵਾਰੀ ਵੀ ਕਮਿਸ਼ਨ ਨੇ ਰੱਦ ਕਰ ਦਿੱਤੀ ਹੈ। ਕਮਿਸ਼ਨ ਨੇ ਇਕ ਬਿਆਨ ਜਾਰੀ ਕਰਕੇ ਇਸ ਕਾਰਵਾਈ ਦੀ ਜਾਣਕਾਰੀ ਦਿੱਤੀ ਹੈ।



UPSC ਨੇ ਕਿਹਾ ਕਿ ਸਾਰੇ ਰਿਕਾਰਡ ਦੀ ਜਾਂਚ ਕਰਨ ਤੋਂ ਬਾਅਦ ਇਹ ਸਾਹਮਣੇ ਆਇਆ ਕਿ ਪੂਜਾ ਖੇਡਕਰ ਨੇ CSE-2022 ਨਿਯਮਾਂ ਦੀ ਉਲੰਘਣਾ ਕੀਤੀ ਹੈ। ਕਮਿਸ਼ਨ ਨੇ ਸੀਐਸਈ ਦੇ ਪਿਛਲੇ 15 ਸਾਲਾਂ ਦੇ ਅੰਕੜਿਆਂ ਦੀ ਸਮੀਖਿਆ ਕੀਤੀ ਜਿਸ ਵਿੱਚ 15 ਹਜ਼ਾਰ ਤੋਂ ਵੱਧ ਉਮੀਦਵਾਰ ਸ਼ਾਮਲ ਸਨ। ਜ਼ਿਕਰਯੋਗ ਹੈ ਕਿ ਪੂਜਾ ਖੇਡਕਰ 'ਤੇ ਧੋਖਾਧੜੀ ਦਾ ਦੋਸ਼ ਹੈ। ਪੂਜਾ ਖੇਡਕਰ ਦੀ ਅੰਤਰਿਮ ਜ਼ਮਾਨਤ 'ਤੇ ਬੁੱਧਵਾਰ (31 ਜੁਲਾਈ) ਨੂੰ ਦਿੱਲੀ ਦੀ ਅਦਾਲਤ 'ਚ ਸੁਣਵਾਈ ਹੋਈ। ਅਦਾਲਤ ਨੇ ਸੁਣਵਾਈ ਤੋਂ ਬਾਅਦ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਹੈ। ਅਦਾਲਤ 1 ਅਗਸਤ ਨੂੰ ਆਪਣਾ ਫੈਸਲਾ ਸੁਣਾਏਗੀ। ਹਾਲ ਹੀ 'ਚ ਦਿੱਲੀ ਪੁਲਿਸ ਦੀ ਕ੍ਰਾਈਮ ਬ੍ਰਾਂਚ ਨੇ ਪੂਜਾ ਖੇਡਕਰ ਖਿਲਾਫ ਮਾਮਲਾ ਦਰਜ ਕੀਤਾ ਸੀ। ਪੁਲਿਸ ਨੇ ਇਹ ਕਾਰਵਾਈ ਯੂਪੀਐਸਪੀ ਦੀ ਸ਼ਿਕਾਇਤ ਤੋਂ ਬਾਅਦ ਸ਼ੁਰੂ ਕੀਤੀ ਹੈ। ਪੂਜਾ ਖੇਡਕਰ 'ਤੇ ਨਾਮ, ਫੋਟੋ, ਈਮੇਲ ਅਤੇ ਪਤੇ ਵਰਗੇ ਦਸਤਾਵੇਜ਼ਾਂ 'ਚ ਗਲਤ ਜਾਣਕਾਰੀ ਦੇਣ ਦਾ ਦੋਸ਼ ਹੈ। ਕ੍ਰਾਈਮ ਬ੍ਰਾਂਚ ਦੀ ਕਾਰਵਾਈ ਤੋਂ ਬਾਅਦ ਪੂਜਾ ਖੇਡਕਰ ਨੇ ਗ੍ਰਿਫਤਾਰੀ ਤੋਂ ਬਚਣ ਲਈ ਅਦਾਲਤ ਦਾ ਰੁਖ ਕੀਤਾ।

ਇਸ ਤੋਂ ਪਹਿਲਾਂ UPSC ਨੇ ਵੀ ਪੂਜਾ ਖੇਡਕਰ ਨੂੰ ਨੋਟਿਸ ਜਾਰੀ ਕੀਤਾ ਸੀ। ਕਮਿਸ਼ਨ ਨੇ ਆਪਣੀ ਜਾਂਚ ਵਿੱਚ ਪਾਇਆ ਸੀ ਕਿ ਖੇਡਕਰ ਨੇ ਆਪਣਾ ਨਾਮ, ਪਿਤਾ ਅਤੇ ਮਾਤਾ ਦਾ ਨਾਮ, ਫੋਟੋ/ਦਸਤਖਤ, ਈਮੇਲ ਆਈਡੀ, ਮੋਬਾਈਲ ਨੰਬਰ ਅਤੇ ਫਰਜ਼ੀ ਪਛਾਣ ਬਣਾ ਕੇ ਪ੍ਰੀਖਿਆ ਨਿਯਮਾਂ ਦੇ ਤਹਿਤ ਮਨਜ਼ੂਰ ਸੀਮਾ ਤੋਂ ਵੱਧ ਕੋਸ਼ਿਸ਼ ਕਰਨ ਦੇ ਮੌਕੇ ਦਾ ਫਾਇਦਾ ਉਠਾਇਆ ਸੀ।

## ਅੰਮ੍ਰਿਤਪਾਲ ਸਿੰਘ 'ਤੇ ਐਨਐਸਏ ਲਾਉਣ ਖਿਲਾਫ ਪਟੀਸ਼ਨ 'ਤੇ ਹਾਈਕੋਰਟ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਨੂੰ ਨੋਟਿਸ

**ਚੰਡੀਗੜ੍ਹ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਉੱਪਰ ਐਨਐਸਏ ਲਾਉਣ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਸਬੰਧੀ ਅੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਸੁਣਵਾਈ ਹੋਈ। ਹਾਈਕੋਰਟ ਨੇ 28 ਅਗਸਤ ਲਈ ਕੇਂਦਰ ਤੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰ ਦਿੱਤਾ ਹੈ। ਅਦਾਲਤ ਨੇ ਸਰਕਾਰ ਦੇ ਵੀਕਲ ਨੂੰ ਐਨਐਸਏ ਲਾਉਣ ਨਾਲ ਸਬੰਧਤ ਰਿਕਾਰਡ ਪੇਸ਼ ਕਰਨ ਲਈ ਵੀ ਕਿਹਾ ਹੈ। ਦੱਸ ਦਈਏ ਕਿ ਅੰਮ੍ਰਿਤਪਾਲ ਸਿੰਘ ਨੇ ਆਪਣੇ 'ਤੇ ਲਗਾਏ ਗਏ ਰਾਸ਼ਟਰੀ ਸੁਰੱਖਿਆ ਕਾਨੂੰਨ (ਐਨਐਸਏ) ਦੇ ਵਾਧੇ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ 'ਚ ਚੁਣੌਤੀ ਦਿੱਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸੰਸਦ ਮੈਂਬਰ 'ਤੇ ਰਾਸ਼ਟਰੀ ਸੁਰੱਖਿਆ ਕਾਨੂੰਨ (ਐਨਐਸਏ) ਲਾਉਣਾ ਗਲਤ ਹੈ। ਇਸ ਮਾਮਲੇ ਦੀ ਅੱਜ ਅਦਾਲਤ ਵਿੱਚ ਸੁਣਵਾਈ ਹੋਈ। ਅਦਾਲਤ ਨੇ ਇਸ ਮਾਮਲੇ ਵਿੱਚ ਕੇਂਦਰ ਤੇ ਪੰਜਾਬ ਸਰਕਾਰਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ। ਇਸ ਦੌਰਾਨ ਮਾਮਲੇ ਦੀ ਅਗਲੀ ਸੁਣਵਾਈ 28 ਅਗਸਤ ਨੂੰ ਤੈਅ ਕੀਤੀ ਗਈ ਹੈ। ਹਾਲਾਂਕਿ ਪਿਛਲੀ ਸੁਣਵਾਈ ਦੀ ਸ਼ੁਰੂਆਤ 'ਚ ਸਰਕਾਰੀ ਵਕੀਲ ਨੇ ਪਟੀਸ਼ਨ 'ਚ ਤਕਨੀਕੀ ਖਾਮੀਆਂ ਦਾ ਮੁੱਦਾ ਉਠਾਇਆ ਸੀ। ਉਨ੍ਹਾਂ ਨੇ ਕਿਹਾ ਸੀ ਕਿ ਅੰਮ੍ਰਿਤਪਾਲ ਸਿੰਘ ਦੇ ਘਰ ਦਾ ਪਤਾ ਤੇ ਉਨ੍ਹਾਂ ਦੇ ਮਾਤਾ-ਪਿਤਾ ਦੀ ਉਮਰ ਸਹੀ ਨਹੀਂ। ਇਸ ਤੋਂ ਬਾਅਦ ਉਨ੍ਹਾਂ ਦੇ ਵਕੀਲ ਨੇ ਸੋਧ ਲਈ ਸਮਾਂ ਮੰਗਿਆ ਸੀ। ਦੱਸ ਦਈਏ ਕਿ ਅੰਮ੍ਰਿਤਪਾਲ ਸਿੰਘ ਇਸ ਸਮੇਂ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੈ। ਅਦਾਲਤ ਵਿੱਚ ਦਾਇਰ ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਐਨਐਸਏ ਦੀ ਮਿਆਦ ਇੱਕ ਸਾਲ ਵਧਾਉਣਾ ਪੂਰੀ ਤਰ੍ਹਾਂ ਗਲਤ ਹੈ। ਉਨ੍ਹਾਂ ਨੇ ਆਪਣੇ ਖਿਲਾਫ ਕੀਤੀ ਗਈ ਕਾਰਵਾਈ ਨੂੰ ਗ਼ੈਰ-ਸੰਵਿਧਾਨਕ ਦੱਸਿਆ ਹੈ। ਉਨ੍ਹਾਂ ਕਿਹਾ ਕਿ ਉਹ ਇਕ ਸਾਲ ਤੋਂ ਵੱਧ ਸਮੇਂ ਤੋਂ ਆਪਣੇ ਰਾਜ, ਰਿਸ਼ਤੇਦਾਰਾਂ ਤੇ ਲੋਕਾਂ ਤੋਂ ਦੂਰ ਹਨ। ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਉਨ੍ਹਾਂ ਦੀ ਜ਼ਿੰਦਗੀ ਤੇ ਆਜ਼ਾਦੀ ਨੂੰ ਅਸਾਧਾਰਨ ਤੇ ਬੇਰਹਿਮ ਤਰੀਕੇ ਨਾਲ ਖੋਹ ਲਿਆ ਗਿਆ ਹੈ।



# Nankana Sahib Yatra Committe Uk



# pakistan gurdwara yatra

**6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN PURE AND NATURAL

Enjoy Real Taste of PUNJAB

KD
FULLY A.C. HALL
**Khehra**
VAISHNO DHABA
BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



## ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715-128621







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

ੴ ਵਾਹਿਗੁਰੂ ਜੀ ਕੀ ਫਤਹਿ ॥

ਪੰਜ ਤੀਰ ਹੋਰ ਤੂੰ ਗੁਰੂ ਤੋਂ ਮੰਗੇ, ਗੰਗੂ ਦੀ ਰੂਹ ਨੂੰ ਮਾਰਨ ਲਈ। ਅੱਜ ਪੰਥ ਇਕੱਠਾ ਹੋਇਆ ਹੈ, ਤੇਰੇ ਬੋਲਾਂ ਨੂੰ ਸਤਿਕਾਰਨ ਲਈ।

# ਜਲਾਵਤਨ ਸਿੱਖ ਯੋਧੇ, ਦਲ ਖਾਲਸਾ ਦੇ ਬਾਨੀ, ਕੌਮੀ ਸ਼ਾਇਰ,
# ਭਾਈ ਗਜਿੰਦਰ ਸਿੰਘ ਜੀ ਦੀ ਯਾਦ ਵਿੱਚ
# ਗੁਰਦੁਆਰਾ ਬਾਬਾ ਸੰਗ ਜੀ ਸਮੈਦਿਕ ਵਿਖੇ
# 4 ਅਗਸਤ 2024 ਦਿਨ ਐਤਵਾਰ ਨੂੰ

# ਸ਼ਰਧਾਂਜ਼ਲੀ ਸਮਾਗਮ

ਵੀਹਵੀਂ ਸਦੀ ਦੇ ਮਹਾਨ ਗੁਰਸਿੱਖ, ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਰਿਹਾਈ ਲਈ 29 ਸਤੰਬਰ 1981 ਨੂੰ ਇੰਡੀਅਨ ਏਅਰ ਲਾਇਨਜ ਦਾ ਹਵਾਈ ਜਹਾਜ਼ ਹਾਈਜੈਕ ਕਰਕੇ ਲਾਹੌਰ ਲਿਜਾਣ ਵਾਲੇ ਭਾਈ ਗਜਿੰਦਰ ਸਿੰਘ ਜੀ ਸਾਥੀਆਂ ਸਮੇਤ ਕਰੀਬ 14 ਸਾਲ ਪਾਕਿਸਤਾਨ ਦੀ ਕੋਟ ਲੱਖਪਤ ਜੇਲ੍ਹ ਵਿੱਚ ਨਜ਼ਰਬੰਦ ਰਹੇ ਅਤੇ ਉਸ ਤੋਂ ਬਾਅਦ ਅੰਤਮ ਸਵਾਸ ਤੱਕ ਪਾਕਿਸਤਾਨ ਵਿੱਚ ਹੀ ਜਲਾਵਤਨੀ ਦੀ ਜ਼ਿੰਦਗੀ ਬਿਤਾਈ।

ਬਿਖੜੇ ਪੈਂਡਿਆਂ ਤੇ ਤੁਰਦਿਆਂ ਵੀ ਸਰਦਾਰ ਗਜਿੰਦਰ ਸਿੰਘ ਨੇ ਦ੍ਰਿੜਤਾ ਨਾਲ ਖਾਲਿਸਤਾਨ ਦੀ ਅਜ਼ਾਦੀ ਅਤੇ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਲਈ ਸਖਤ ਪਹਿਰਾ ਦਿੱਤਾ।

ਬੀਤੀ 3 ਜੁਲਾਈ 2024 ਨੂੰ ਭਾਈ ਗਜਿੰਦਰ ਸਿੰਘ ਜੀ ਲਾਹੌਰ ਵਿਖੇ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦੀ ਅਦੁੱਤੀ ਪੰਥਕ ਦੇਣ ਨੂੰ ਯਾਦ ਕਰਦਿਆਂ ਸੰਸਾਰ ਭਰ ਵਿੱਚ ਪੰਥ ਦਰਦੀਆਂ ਵੱਲੋਂ ਸ਼ਰਧਾਂਜਲੀ ਸਮਾਗਮ ਕੀਤੇ ਜਾ ਰਹੇ ਹਨ। ਉਸੇ ਲੜੀ ਵਿੱਚ ਗੁਰਦੁਆਰਾ ਬਾਬਾ ਸੰਗ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ 4 ਅਗਸਤ 2024 ਦਿਨ ਐਤਵਾਰ ਨੂੰ ਵਿਸ਼ਾਲ ਸ਼ਰਧਾਂਜਲੀ ਸਮਾਗਮ ਕੀਤਾ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਪੰਥਕ ਪਿਆਰ ਵਿੱਚ ਹੁੰਮ-ਹੁੰਮਾ ਕੇ ਪੁੱਜੋ ਅਤੇ ਪੰਥਕ ਏਕੇ ਦਾ ਸਬੂਤ ਦਿੰਦਿਆਂ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।



ਜਲਾਵਤਨ ਸਿੱਖ ਯੋਧਾ
ਭਾਈ ਗਜਿੰਦਰ ਸਿੰਘ ਦਲ ਖਾਲਸਾ

### === ਪ੍ਰੋਗਰਾਮ ਦਾ ਵੇਰਵਾ :===

ਮਿਤੀ 2 ਅਗਸਤ 2024 ਦਿਨ ਸ਼ੁਕਰਵਾਰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ ਮਿਤੀ ਅਗਸਤ ਦਿਨ ਐਤਵਾਰ ਨੂੰ ਸ੍ਰੀ ਅਖੰਡ ਪਾਠ ਜੀ ਦੇ ਭੋਗ ਉਪਰੰਤ ਦੀਵਾਨ ਸਜੇਗਾ, ਜਿਸ ਵਿਚ ਉਚਕੋਟੀ ਦੇ ਰਾਗੀ ਜੱਥੇ, ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਨਾਮਵਰ ਪੰਥਕ ਬੁਲਾਰੇ ਪੰਥਕ ਵੀਚਾਰ ਸਾਂਝੇ ਕਰਨਗੇ।

## ਗੁਰਦੁਆਰਾ ਬਾਬਾ ਸੰਗ ਜੀ ਅਤੇ ਸੈਂਡਵਿਲ ਦੇ ਸਮੂਹ ਗੁਰਦੁਆਰਾ ਸਾਹਿਬ

## GURDWARA BABA SANG JI SMETHWICK
## 7-9 ST PAUL'S ROAD, SMETHWICK, B66 1EE

ਵਧੇਰੇ ਜਾਣਕਾਰੀ ਲਈ ਸੰਪਰਕ :

**0121 558 2681 / 07930 908368 / 07452 765165**


ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar


SANT BEANT SINGH JI
BER KALAN WALE | UK TOUR 2024
FRI 26TH JULY - SUN 28TH JULY: SOUTHAMPTON
MON 29TH JULY - SUN 4TH AUGUST: SOUTHALL
MON 5TH AUGUST - SAT 10TH AUGUST: 7:00-8:00PM
GURU NANAK GURDWARA, LEICESTER, LE1 4LJ
SUN 11TH AUGUST: 1:00-2:00PM
GURU NANAK GURDWARA, LEICESTER, LE1 4LJ
WED 14TH AUGUST - 7:30-8:10PM:
GURU HAR RAI SAHIB GURDWARA, WEST BROMWICH, B70 6JW
SUN 18TH AUGUST - 2:00-3:00 PM:
GURU HAR RAI GURDWARA, WEST BROMWICH, B70 6JW
MON 19TH AUGUST - SUN 25TH AUGUST: 7:00-7:30AM &
6:45-7:30PM
SEDLEY STREET, WOLVERHAMPTON, WV2 3AJ
MON 26TH AUGUST - SUN 1ST SEPTEMBER: 7:30-8:15AM,
10:00-11:00AM & 7:15-8:00PM
BABA SANG GURDWARA, SMETHWICK, B66 1EE
SANT BEANT SINGH | WHATSAPP: +918530000006


ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ
ਅਤੇ
ਦਮਦਮੀ ਟਕਸਾਲ ਦੇ 318ਵਾਂ ਸਥਾਪਨਾ ਦਿਵਸ
ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਅਮਰ ਸ਼ਹੀਦ
ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂਵਾਲੇ
ਵਰਤਮਾਨ ਮੁਖੀ ਦਮਦਮੀ ਟਕਸਾਲ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
(ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ)
ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ
ਜਥੇਦਾਰ, ਤਖ਼ਤ ਸ੍ਰੀ ਦਮਦਮਾ ਸਾਹਿਬ
1 ਅਗਸਤ 2024 ਦਿਨ ਵੀਰਵਾਰ ਤੋਂ 7 ਅਗਸਤ 2024 (23ਸਾਵਣ) ਦਿਨ ਬੁੱਧਵਾਰ ਤੱਕ
ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ) ਵਿਖੇ ਕਰਵਾਏ ਜਾ ਰਹੇ ਹਨ।
ਜਿਸ ਵਿੱਚ ਦਮਦਮੀ ਟਕਸਾਲ ਦੇ ਗਿਆਨੀ ਸਿੰਘ ਅਤੇ ਰਾਗੀ ਜਥੇ ਕਥਾ ਕੀਰਤਨ ਸਰਵਨ ਕਰਵਾਉਣਗੇ।
ਸਵੇਰੇ ਕਥਾ ਦਾ ਸਮਾਂ : ਸਵੇਰੇ 6:15 ਵਜੇ ਤੋਂ 7:00 ਵਜੇ ਤੱਕ
ਸ਼ਾਮ ਨੂੰ ਕਥਾ ਦਾ ਸਮਾਂ : ਸ਼ਾਮ 5:30 ਵਜੇ ਤੋਂ 6:15 ਤੱਕ
ਆਰੰਭ ਸ੍ਰੀ ਅਖੰਡ ਪਾਠ ਸਾਹਿਬ ਮਿਤੀ 5 ਅਗਸਤ 2024 (21 ਸਾਵਣ) ਦਿਨ ਸੋਮਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਮਿਤੀ 7 ਅਗਸਤ 2024 (23ਸਾਵਣ) ਦਿਨ ਬੁੱਧਵਾਰ ਸਮਾਂ ਸਵੇਰੇ 9:30 ਵਜੇ
ਭੋਗ ਉਪਰੰਤ ਸਵੇਰੇ 10:00 ਵਜੇ ਤੋਂ 02:00 ਵਜੇ ਤੱਕ ਮਹਾਨ ਗੁਰਮਤਿ ਸਮਾਗਮ ਹੋਣਗੇ
ਜਿਸ ਵਿੱਚ ਤਖ਼ਤ ਸਾਹਿਬਾਂ ਦੇ ਸਿੰਘ ਸਾਹਿਬਾਨ, ਸੰਤ ਮਹਾਂ ਪੁਰਖ, ਨਿਹੰਗ ਸਿੰਘ ਜਥੇਬੰਦੀਆਂ ਅਤੇ ਕਾਰ ਸੇਵਾ ਵਾਲੇ
ਮਹਾਂ ਪੁਰਖ ਹਾਜਰੀਆਂ ਭਰਨਗੇ
ਸੋ ਆਪ ਜੀ ਨੂੰ ਬੇਨਤੀ ਹੈ ਆਪ ਜੀ ਨੇ ਸਮੇਂ ਸਿਰ ਆਉਣ ਦੀ ਕ੍ਰਿਪਾਲਤਾ ਕਰਨੀ ਜੀ।
ਭਾਈ ਈਸ਼ਰ ਸਿੰਘ
ਜਥੇਦਾਰ ਭਾਈ ਸੁਖਦੇਵ ਸਿੰਘ
ਮੁੱਖ ਬੁਲਾਰਾ, ਦਮਦਮੀ ਟਕਸਾਲ
98551-17300
6,7 ਅਗਸਤ ਨੂੰ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ ਕਥਾ ਕਰਨਗੇ


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਵਿਸ਼ੇਸ਼ ਉਪਰਾਲਾ
ਮਾਤਾ ਗੁਜਰ ਕੌਰ ਜੀ ਵਿੱਦਿਅਕ ਭਲਾਈ ਸਕੀਮ ਤਹਿਤ
ਅੰਮ੍ਰਿਤਧਾਰੀ ਮਾਂ ਬਾਪ ਦੇ ਅੰਮ੍ਰਿਤਧਾਰੀ ਬੱਚਿਆਂ ਨੂੰ ਆਪਣੇ ਵਿੱਦਿਅਕ ਅਦਾਰਿਆਂ ਵਿੱਚ
ਪੜ੍ਹਾਈ ਮੁਫਤ ਅਤੇ ਆਪਣੇ ਕਾਲਜਾਂ ਵਿੱਚ ਦਿੱਤੇ ਜਾਣਗੇ ਵਿਸ਼ੇਸ਼ ਵਜੀਫ਼ੇ
ਵਿੱਦਿਆ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ ।
ਆਪਣੇ ਬੱਚਿਆਂ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰਿਆਂ ਵਿੱਚ ਦਾਖਲ ਕਰਵਾਓ ਜੀ।
ਗੁਰੂ ਤੇਗ ਬਹਾਦਰ ਖਾਲਸਾ ਪਬਲਿਕ ਸਕੂਲ, ਕੈਂਥਲ
ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ, ਕਪਾਲਮੋਚਨ, ਯਮੁਨਾਨਗਰ
ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ, ਤਿਲੋਕੇਵਾਲਾ, ਸਿਰਸਾ
ਮਾਤਾ ਸੁੰਦਰੀ ਖਾਲਸਾ ਗਰਲਜ ਕਾਲਜ, ਨਿਸਿੰਗ, ਕਰਨਾਲ
ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਖਾਲਸਾ ਕਾਲਜ, ਪੰਜੋਖਰਾ ਸਾਹਿਬ, ਅੰਬਾਲਾ
ਜਥੇਦਾਰ ਭੂਪਿੰਦਰ ਸਿੰਘ ਅਸੰਧ
ਪ੍ਰਧਾਨ HSGMC
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC


With the blessings of Dhan Dhan Satguru Sahib Sri Guru Granth Sahib Ji
Mahaan Barsi Smagam
&
REMEMBERING THE SHAHEEDS OF 1984
SRI HAZOOR SANT BABA ISHER SINGH JI MAHARAJ
Rara Sahib
SRI MAAN SANT GIANI KARTAR SINGH JI KHALSA
Bhindranwale
Under the Guidance of: Sri Maan Sant Baba Bhagwan Singh Ji Maharaj (Rara Sahib Begowal)
4 DAY MAHAAN OPEN AIR
GURMAT SMAGAM
BANK HOLIDAY WEEKEND
23RD - 26TH AUGUST 2024
Sri Maan Sant Baba Bhagwan Singh Ji Maharaj (Rara Sahib Begowal)
Sri Maan Sant Giani Jarnail Singh Ji Khalsa Bhindranwale (Maujuda Mukhi Damdami Taksal)
SAT 24TH AUG 2024
REHNSBHAI KIRTAN DARBAR
SUN 25TH AUG 2024
SRI DASAM GRANTH SEHAJ PAATH BHOG
MON 26TH AUG 2024
SRI GURU GRANTH SAHIB JI SEHAJ PAATH BHOG
AMRIT SANCHAAR - SUNDAY 25TH AUGUST 2024 - 12PM (HALL 2)
GEORGE ST, WEST BROMWICH, BIRMINGHAM, B70 6NH
(NEXT TO GURU HAR RAI SAHIB GURDWARA)
FOR FURTHER INFORMATION, SEVA AND STALL BOOKINGS PLEASE CONTACT
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ
AWAZE QAUM
International Newspaper & WEB TV



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਮਹਾਨ ਬਰਸੀ ਸਮਾਗਮ
ਅਤੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ
ਸ੍ਰੀ ਹਜ਼ੂਰ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ
ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ) ਵਾਲਿਆਂ ਦੀ ਰਹਿਨੁਮਾਈ ਹੇਠ
4 ਰੋਜ਼ਾ
ਮਹਾਨ ਗੁਰਮਤਿ ਸਮਾਗਮ
ਬੈਂਕ ਹੋਲੀਡੇਅ ਵੀਕਐਂਡ
23 ਤੋਂ 26 ਅਗਸਤ 2024
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ)
ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੌਜੂਦਾ ਮੁਖੀ ਦਮਦਮੀ ਟਕਸਾਲ)
ਸ਼ਨੀਵਾਰ 24 ਅਗਸਤ 2024
ਰੈਣਸਬਾਈ ਕੀਰਤਨ ਦਰਬਾਰ
ਐਤਵਾਰ 25 ਅਗਸਤ 2024
ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਸੋਮਵਾਰ 26 ਅਗਸਤ 2024
ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਅੰਮ੍ਰਿਤ ਸੰਚਾਰ - ਐਤਵਾਰ 25 ਅਗਸਤ 2024 - ਦੁਪਹਿਰੇ 12 ਵਜੇ (ਹਾਲ 2)
ਜੋਰਜ ਸਟ੍ਰੀਟ, ਵੈਸਟ ਬਰੌਮਵਿਚ, ਬਰਮਿੰਘਮ, B70 6NH
(ਗੁਰੂ ਹਰਿ ਰਾਇ ਸਾਹਿਬ ਗੁਰਦੁਆਰਾ ਦੇ ਪਾਸ)
ਆਵਾਜ਼ਿ ਕੌਮ AWAZE QAUM International Newspaper & WEB TV
ਵਧੇਰੇ ਜਾਣਕਾਰੀ, ਸੇਵਾ ਜਾਂ ਸਟਾਲ ਬੁਕਿੰਗ ਲਈ ਹੇਠ ਦਿੱਤੇ ਨੰਬਰਾਂ ਤੇ ਸੰਪਰਕ ਕਰੋ
07977 001313 | 07913 951860 | 07956 007161 | 07590 626176 | 07985 246484

# ਡਰਬੀ ਵਿਖੇ ਸ਼ਹੀਦੀ ਟੂਰਨਾਮੈਂਟ

## 4 ਅਗਸਤ 2024 ਦਿਨ ਐਤਵਾਰ ਨੂੰ ਬੜੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ

**G.A.D. KHALSA, KABADDI CLUB DERBY PRESENTS**

**SHAHEEDE TOURNAMENT on 4th August 2024 SUNDAY**

**FOOTBALL STADIUM, LEICESTER ROAD STADIUM, HINCKLEY, LE10 3DR**


ਸ਼ਹੀਦ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ


ਸ਼ਹੀਦ ਭਾਈ ਬੇਅੰਤ ਸਿੰਘ


ਸ਼ਹੀਦ ਭਾਈ ਸਤਵੰਤ ਸਿੰਘ


ਸ਼ਹੀਦ ਭਾਈ ਅਮਰੀਕ ਸਿੰਘ


ਹਰਜਿੰਦਰ ਸਿੰਘ ਜਿੰਦਾ ਤੇ ਸੁਖਦੇਵ ਸਿੰਘ ਸੁੱਖਾ


ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ


ਸ਼ਹੀਦ ਜਨਰਲ ਸੁਬੇਗ ਸਿੰਘ

ਜੀ ਏ ਡੀ ਖਾਲਸਾ ਡਰਬੀ ਵੱਲੋਂ ਡਰਬੀ ਦੇ ਸਮੂਹ ਗੁਰਦੁਆਰਾ ਸਾਹਿਬਾਨ ਦੇ ਸਹਿਯੋਗ ਨਾਲ ਸ਼ਹੀਦੀ ਟੂਰਨਾਮੈਂਟ ਉਪਰ ਦਿੱਤੇ ਅਨੁਸਾਰ ਹੈਂਕਲੀ ਦੀਆਂ ਗਰਾਊਂਡਾਂ ਵਿੱਚ ਕਰਵਾਇਆ ਜਾ ਰਿਹਾ ਹੈ। ਜਿਸ ਵਿਚ ਕਬੱਡੀ ਟੀਮਾਂ ਦੇ ਫਸਵੇਂ ਮੁਕਾਬਲੇ ਹੋਣਗੇ। ਸਮੂਹ ਡਰਬੀ ਅਤੇ ਯੂ ਕੇ ਨਿਵਾਸੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਮਾਂ-ਖੇਡ ਕਬੱਡੀ ਮੇਲੇ ਦਾ ਅਨੰਦ ਮਾਣੋ ਅਤੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕਰਦੇ ਹੋਏ ਮੇਲੇ ਨੂੰ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਾਮਯਾਬ ਕਰੋ। ਡਰਬੀ ਦੇ ਸਾਰੇ ਗੁਰੂ ਘਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਜਾਂਦਾ ਹੈ ਅਤੇ ਬੇਨਤੀ ਕੀਤੀ ਜਾਂਦੀ ਹੈ ਕਿ ਇਸੇ ਤਰ੍ਹਾਂ ਹੀ ਅੱਗੇ ਤੋਂ ਵੀ ਸਾਥ ਦਿੰਦੇ ਰਹਿਣ।

**ਟਿਕਟ :- ਦਾਖਲਾ ਫੀਸ 15 ਪੌਂਡ ਹੈ**

## ਕੁਝ ਖਾਸ ਧਿਆਨਯੋਗ ਗੱਲਾਂ:

ਇਹ ਟੂਰਨਾਮੈਂਟ ਇੰਗਲੈਂਡ ਕਬੱਡੀ ਫੈਡਰੇਸ਼ਨ ਦੇ ਅਸੂਲਾਂ ਮੁਤਾਬਿਕ ਹੋ ਰਿਹਾ ਹੈ। • ਰੈਫਰੀ ਦਾ ਫੈਸਲਾ ਆਖਰੀ ਹੋਵੇਗਾ । • ਹਰ ਇੱਕ ਟੀਮ ਦਾ ਕੋਚ ਅਤੇ ਮੈਨੇਜਰ ਹੀ ਗਰਾਊਂਡ ਵਿੱਚ ਜਾ ਸਕਦੇ ਹਨ। • ਸ਼ਰਾਬ, ਮੀਟ ਅਤੇ ਨਸ਼ੇ ਦੀ ਵਰਤੋਂ ਦੀ ਸਖਤ ਮਨਾਹੀ ਹੈ ਪੁਲੀਸ ਵੱਲੋਂ ਗੱਡੀਆਂ ਚੈੱਕ ਕੀਤੀਆਂ ਜਾਣਗੀਆਂ, ਸ਼ਰਾਬ ਜਾਂ ਹੋਰ ਕਿਸੇ ਤਰ੍ਹਾਂ ਦਾ ਵੀ ਨਸ਼ਾ ਜ਼ਬਤ ਕਰ ਲਿਆ ਜਾਵੇਗਾ। ਭਾਵੇਂ ਉਹ ਕਿਸੇ ਕਲੱਬ ਜਾਂ ਘਰੇਲੂ ਕਲੱਬ ਦਾ ਪ੍ਰਮੋਟਰ ਵੀ ਕਿਉਂ ਨਾ ਹੋਵੇ।

• ਹਰੇਕ ਕਲੱਬ ਆਪਣੇ ਖਿਡਾਰੀਆਂ ਦੀ ਇੰਨਸ਼ੋਰੈਂਸ ਅਤੇ ਯੂਨੀਫਾਰਮ ਦੀ ਆਪ ਜਿੰਮੇਵਾਰ ਹੋਵੇਗੀ, ਕਿਸੇ ਵੀ ਮਸਲੇ ਸਬੰਧੀ ਆਖਰੀ ਫੈਸਲਾ ਟੂਰਨਾਮੈਂਟ ਕਮੇਟੀ ਦਾ ਹੋਵੇਗਾ।

• ਸਕਿਊਰਿਟੀ ਦਾ ਪੂਰਾ ਪ੍ਰਬੰਧ ਹੋਵੇਗਾ ਅਤੇ ਗੱਡੀਆਂ ਦੀ ਤਲਾਸ਼ੀ ਲਈ ਜਾਵੇਗੀ।

• ਟੂਰਨਾਮੈਂਟ ਕਮੇਟੀ ਕਿਸੇ ਵੀ ਸ਼ੱਕੀ ਵਿਅਕਤੀ ਨੂੰ ਦਾਖਲੇ ਤੋਂ ਮਨ੍ਹਾ ਕਰ ਸਕਦੀ ਹੈ।

• 5 ਮਿੰਟ ਤੋਂ ਵੱਧ ਲੇਟ ਹੋਣ ਵਾਲੀ ਟੀਮ ਨੂੰ ਸਕਰੈਚ ਕਰ ਦਿੱਤਾ ਜਾਵੇਗਾ ਅਤੇ ਟੀਮ ਨੂੰ ਫੈਡਰੇਸ਼ਨ ਦੇ ਅਸੂਲਾਂ ਮੁਤਾਬਕ ਜੁਰਮਾਨਾ ਵੀ ਭਰਨਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV



## ਬੇਨਤੀ ਕਰਤਾ - ਜੀ ਏ ਡੀ ਖਾਲਸਾ ਕਬੱਡੀ ਕਲੱਬ ਡਰਬੀ ਅਤੇ ਸਮੂਹ ਗੁਰਦੁਆਰਾ ਸਾਹਿਬ ਡਰਬੀ

**ਚੇਅਰਮੈਨ** - ਸੁਖਦੇਵ ਸਿੰਘ ਅਟਵਾਲ, ਕੁਲਵਿੰਦਰ ਸਿੰਘ ਛੋਕਰ, ਜਸਵੀਰ ਸਿੰਘ ਢਿੱਲੋਂ, ਹਰਚਰਨ ਸਿੰਘ ਬੋਲਾ, ਨਛੱਤਰ ਸਿੰਘ ਛੋਕਰ, ਮਹਿੰਦਰ ਸਿੰਘ ਮਾਨ, ਬਾਘਾ ਫਲਪੋਤਾ, ਬੂਟਾ ਸਿੰਘ ਸਹੋਤਾ, ਜੱਸ ਸਿੰਘ ਛੋਕਰ, ਜਸ਼ਨ ਸਿੰਘ, ਸਨੀ ਚੀਮਾ, ਜੀਤਾ ਨਵਾਂ ਸ਼ਹਿਰੀਆ, ਦੀਪਾ ਡੰਗਲ, ਮਹਿੰਦਰ ਸਿੰਘ ਨਾਗਰਾ, ਰਿੱਕੀ ਜੌਹਲ, ਹਰਪ੍ਰੀਤ ਸਿੰਘ ਛੋਕਰ, ਸ਼ਮਸ਼ੇਰ ਸਿੰਘ, ਰੂਬਲ ਸਿੰਘ, ਇੰਦਰਜੀਤ ਸਿੰਘ, ਜਸਵੀਰ ਸ਼ੀਰਾ, ਬਿੰਦਾ ਬੰਸੀਆਂ, ਅਮਰੀਕ ਸਿੰਘ ਮਾਹਲਪੁਰੀਆ, ਤਰਲੋਚਨ ਸਿੰਘ ਬਿਟਿੰਗ, ਗੁਰਮੇਲ ਸਿੰਘ ਕੰਗ, ਹੈਪੀ ਬਿਲਡਰ, ਚੀਮਾ ਬਿਲਡਰ, ਸੁੱਖਾ ਚੱਕਾਂ ਵਾਲਾ, ਗੋਪੀ ਪੰਨੂਆ, ਸੋਨੀ ਲੰਬੜ, ਵਰਿਆਮ ਸਿੰਘ, ਸੁਖਜੀਤ ਸਿੰਘ ਜੌਹਲ, ਰਜਿੰਦਰ ਸਿੰਘ ਪੁਰੇਵਾਲ, ਜਸਵੀਰ ਸਿੰਘ ਜੌਹਲ, ਬਲਵੀਰ ਸਿੰਘ ਸੰਧੂ ਕੌਂਸਲਰ, ਅਮਰੀਕ ਸਿੰਘ ਧਾਮੀ, ਅਮਰਜੀਤ ਸਿੰਘ ਤਾਰੀ ਬਿਧੀਪੁਰੀਆ, ਬਿੱਕਰ ਸਿੰਘ ਚਾਹਲ, ਹਰਦਿਆਲ ਸਿੰਘ ਧਮਤੈਤ, ਡਾ: ਖੇਲਾ, ਸੰਦੀਪ ਸਿੰਘ, ਸੁੱਚਾ ਸਿੰਘ ਬਿਟਿੰਗ, ਸਿਕੰਦਰ ਸਿੰਘ, ਸੁਖਪਾਲ ਸਿੰਘ ਪੱਡਾ, ਜਗਜੀਵਨ ਸਿੰਘ, ਗੁਰਵਿੰਦਰ ਸਿੰਘ, ਧਾਲੀਵਾਲ, ਬਲਵਿੰਦਰ ਸਿੰਘ ਛੋਕਰ, ਗੁਰਸੇਵਕ ਸਿੰਘ ਗਿੱਲ, ਪਵਨਦੀਪ ਸਿੰਘ, ਗੈਰੀ ਸੰਧੂ, ਹਰਦੀਪ ਸਿੰਘ, ਕਾਲਾ ਮੰਨਣ, ਮਨੀ ਬੈਂਸ, ਮਨਜਿੰਦਰ ਇਟਲੀ, ਬਿੰਦਾ ਚਾਹਲ, ਸੰਦੀਪ ਬਾਊਂਸਰ, ਝਲਮਣ ਸਿੰਘ, ਸੰਨੀ ਚਾਹਲ, ਸਤਨਾਮ ਸਿੰਘ, ਜੱਸੀ ਆਲਮਗੀਰ, ਜਤਿੰਦਰ ਸਿੰਘ, ਪਰਮ ਮਾਨਚੈਸਟਰ, ਐਮ ਪੀ ਬੀ ਗੈਂਗ, ਹਰਜਿੰਦਰ ਸਿੰਘ ਸੰਧਰ (ਬੋਈ) ਅਤੇ ਡਰਬੀ ਦੇ ਸਾਰੇ ਗੁਰਦੁਆਰਾ ਸਾਹਿਬਾਨ।

**PLEASE CONTACT FOR MORE INFORMATION:**

**Kulwinder Singh Chhokar 07974 875427 - Harjinder Singh Boy 07852 100653**

**ਜਾਰੀ ਕਰਤਾ** **GURU ARJAN DEV KHALSA KABADDI CLUB DERBY**
**ALL GURDWARA SAHIBS OF DERBY AND SUPPORTERS**

ਘੱਲੂਘਾਰਾ ਕਾਹਨੂੰਵਾਨ ਛੰਭ ਵਿੱਚ ਕੂੜਾ ਸੁੱਟਣਾ ਬੰਦ ਕਰਵਾਉਣ ਵਾਲੀ ਆਗੂ ਟੀਮ ਦਾ ਕੀਤਾ ਸਨਮਾਨ

# ਗੁਰਮਤਿ ਲੋਕਧਾਰਾ ਅਤੇ "ਘੱਲੂਘਾਰਾ ਕਾਹਨੂੰਵਾਨ ਛੰਭ ਬਚਾਓ ਮੰਚ" ਦੇ ਮੈਂਬਰਾਂ ਦਾ ਪਿੰਡ ਚੋਪੜਾ ਦੀ ਸੰਗਤ ਨੇ ਕੀਤਾ ਧੰਨਵਾਦ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 31 ਜੁਲਾਈ (ਕੁਲਜੀਤ ਸਿੰਘ ਖੋਖਰ)**- ਘੱਲੂਘਾਰਾ ਕਾਹਨੂੰਵਾਨ ਛੰਭ ਬਚਾਓ ਮੰਚ ਵੱਲੋਂ ਗੁਰਦਾਸਪੁਰ ਨਗਰ ਕੌਂਸਲ ਖ਼ਿਲਾਫ਼ ਵਿੱਢੇ ਸੰਘਰਸ਼ ਦੇ ਪਹਿਲੇ ਪੜ੍ਹਾ ਨੂੰ ਜਿੱਤਣ ਵਾਲੀ ਆਗੂ ਟੀਮ ਦਾ ਪਿੰਡ ਚੋਪੜਾ ਵਾਸੀਆਂ ਨੇ ਸਨਮਾਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਚੋਪੜੇ ਦੇ ਨੌਜਵਾਨ ਅਮਰਜੀਤ ਸਿੰਘ, ਸਰਪੰਚ ਸਰਬਜੀਤ ਸਿੰਘ ਅਤੇ ਸਤਨਾਮ ਸਿੰਘ ਨੇ ਦੱਸਿਆ ਕਿ 14 ਜੂਨ ਨੂੰ ਗੁਰਮਤਿ ਲੋਕਧਾਰ ਵਿਚਾਰ ਮੰਚ ਵੱਲੋਂ ਉਨ੍ਹਾਂ ਨੂੰ ਕਾਹਨੂੰਵਾਨ ਛੰਭ ਅਧੀਨ ਪੈਂਦੇ ਰਕਬੇ ਵਿੱਚ ਗੁਰਦਾਸਪੁਰ ਨਗਰ ਕੌਂਸਲ ਵੱਲੋਂ ਸੁੱਟੇ ਜਾਂਦੇ ਕੂੜੇ ਨੂੰ ਬੰਦ ਕਰਵਾਉਣ ਦਾ ਸੱਦਾ ਦਿੱਤਾ ਸੀ। ਇਸ ਤੋਂ ਬਾਅਦ ਗਠਿਤ ਹੋਏ 'ਘੱਲੂਘਾਰਾ ਕਾਹਨੂੰਵਾਨ ਛੰਭ ਬਚਾਓ ਮੰਚ' ਦੀ ਅਗਵਾਈ ਵਿੱਚ ਸੰਘਰਸ਼ ਲੜਿਆ ਗਿਆ। ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਮਜਬੂਰ ਹੋ ਕੇ ਕੂੜੇ ਨੂੰ ਪਿੰਡ ਵਿੱਚ ਸੁੱਟਣ ਤੋਂ ਡੱਕਣ ਲਈ ਲਗਾਏ ਧਰਨੇ ਵਿੱਚ ਪਹੁੰਚ ਕੇ ਐਲਾਨ ਕਰਨਾ ਪਿਆ ਕਿ ਗੁਰਦਾਸਪੁਰ ਨਗਰ ਕੌਂਸਲ ਨੂੰ ਇੱਥੇ ਕੂੜਾ ਸੁੱਟਣ ਪੱਕੇ ਤੌਰ ਤੇ ਬੰਦ ਦਿੱਤਾ ਗਿਆ ਹੈ। ਨਗਰ ਕੌਂਸਲ ਸ਼ਹਿਰ ਦੇ ਕੂੜੇ ਦੇ ਪ੍ਰਬੰਧ ਖ਼ੁਦ ਕਰੇਗੀ। ਇਸ ਦੇ ਨਾਲ ਹੀ ਜ਼ਿਲ੍ਹਾ ਪ੍ਰਸ਼ਾਸ਼ਨ ਨੇ ਇਹ ਵੀ ਵਾਅਦਾ ਕੀਤਾ ਕਿ ਇੱਕ ਮਹੀਨੇ ਤੱਕ ਸੁੱਟੇ ਹੋਏ ਕੂੜੇ ਨੂੰ ਸੋਧ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਜਾਵੇ ਤਾਂ ਜੋ ਕਾਹਨੂੰਵਾਨ ਛੰਭ ਦੀ ਪੂਰੀ ਤਰਾਂ ਸਫ਼ਾਈ ਕਰਕੇ ਇਤਿਹਾਸਕ ਵਿਰਾਸਤ ਦੀ ਪਵਿੱਤਰਤਾ ਬਹਾਲ ਕੀਤੀ ਜਾ ਸਕੇ। ਇਸ ਮੌਕੇ ਸਮੂਹ ਪਿੰਡ ਵਾਸੀਆਂ ਨੇ ਐਲਾਨ ਕੀਤਾ ਕਿ ਜੇਕਰ 18 ਅਗਸਤ ਤੱਕ ਕੂੜਾ ਚੁੱਕਣ ਦਾ ਕੰਮ ਪ੍ਰਸ਼ਾਸ਼ਨ ਵੱਲੋਂ ਸ਼ੁਰੂ ਨਾ ਕਰਵਾਇਆ ਗਿਆ ਤਾਂ ਉਹ ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕਣ ਲਈ ਮਜਬੂਰ ਹੋਣਗੇ। ਇਸ ਸੰਘਰਸ਼ ਦੀ ਪਹਿਲੀ ਜਿੱਤ ਪ੍ਰਾਪਤ ਹੋਣ ਉਪਰੰਤ ਪਿੰਡ ਵਾਸੀਆਂ ਨੇ ਗੁਰਮਤਿ ਲੋਕਧਾਰਾ ਵਿਚਾਰ ਮੰਚ ਅਤੇ ਘੱਲੂਘਾਰਾ ਕਾਹਨੂੰਵਾਨ ਛੰਭ ਬਚਾਓ ਮੰਚ ਦੀ ਪੂਰੀ ਟੀਮ ਨੂੰ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਬੁਲਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਗਤ ਦਾ ਕਰਨਲਜੀਤ ਸਿੰਘ ਜਾਗੋਵਾਲ, ਵਰਿੰਦਰਜੀਤ ਸਿੰਘ ਜਾਗੋਵਾਲ, ਕਿਸਾਨ ਮਜਦੂਰ ਯੂਨੀਅਰ ਪੰਜਾਬ ਦੇ ਆਗੂ ਬਲਬੀਰ ਸਿੰਘ ਰੰਧਾਵਾ, ਗੁਰਿੰਦਰਪਾਲ ਸਿੰਘ ਪੰਨੂੰ ਅਤੇ ਪ੍ਰਿੰਸੀਪਲ ਕੈਪਟਨ ਸਿੰਘ ਨੇ ਧੰਨਵਾਦ ਕੀਤਾ।

ਸਿੱਖਿਆ ਸਪਤਾਹ ਤਹਿਤ ਸਰਕਾਰੀ ਸੀਨੀ. ਸੈਕੰ. ਸਕੂਲ ਗਹਿਰੀ ਦੇਵੀ ਨਗਰ, ਬਠਿੰਡਾ ਵਿਖੇ

# ਸਕੂਲ ਮੈਗਜੀਨ "ਵਧਦੀਆਂ ਵੇਲਾਂ" ਕੀਤਾ ਗਿਆ ਰਿਲੀਜ਼




ਤਲਵੰਡੀ ਸਾਬੋ, 31 ਜੁਲਾਈ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਸਪਤਾਹ ਮਨਾਇਆ ਜਾ ਰਿਹਾ ਹੈ। ਵੱਖ-ਵੱਖ ਸਕੂਲਾਂ ਵਿੱਚ ਵਿਦਿਆਰਥੀਆਂ ਦੀਆਂ ਛੁਪੀਆਂ ਕਲਾਵਾਂ ਨੂੰ ਨਿਖਾਰਨ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸੇ ਹੀ ਲੜੀ ਦੇ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗਹਿਰੀ ਦੇਵੀ ਨਗਰ, ਜ਼ਿਲ੍ਹਾ ਬਠਿੰਡਾ ਵਿਖੇ ਸਕੂਲ ਪ੍ਰਿੰਸੀਪਲ ਮੈਡਮ ਲਵਲੀਨ ਕੌਰ ਦੀ ਅਗਵਾਈ ਵਿੱਚ ਪਿਛਲੇ ਸੈਸ਼ਨ ਦੀਆਂ ਸਾਰੇ ਸਾਲ ਦੀਆਂ ਪ੍ਰਗਤੀਆਂ ਤੇ ਪ੍ਰਾਪਤੀਆਂ ਨੂੰ ਦਰਸਾਉਂਦਾ ਸਕੂਲ ਮੈਗਜ਼ੀਨ "ਵਧਦੀਆਂ ਵੇਲਾਂ" ਰਿਲੀਜ਼ ਕੀਤਾ ਗਿਆ। ਇੱਕ ਖਾਸ ਪ੍ਰੋਗਰਾਮ ਦੇ ਦੌਰਾਨ ਜਿਸ ਵਿੱਚ ਪਿੰਡ ਦੇ ਪਤਵੰਤੇ, ਸਮੂਹ ਸਕੂਲ ਕਮੇਟੀਆਂ ਦੇ ਮੈਂਬਰ, ਸਮੂਹ ਸਕੂਲ ਸਟਾਫ ਤੋਂ ਇਲਾਵਾ ਵਿਸ਼ੇਸ਼ ਮਹਿਮਾਨਾਂ, ਵਿਦਿਆਰਥੀ ਅਤੇ ਮਾਪੇ ਵੀ ਹਾਜ਼ਰ ਸਨ। ਇਸ ਸਮੇਂ ਸਕੂਲ ਪ੍ਰਿੰਸੀਪਲ ਮੈਡਮ ਲਵਲੀਨ ਕੌਰ ਨੇ ਦੱਸਿਆ ਕਿ ਇਸ ਮੈਗਜੀਨ ਨੂੰ ਸਕੂਲ ਅਧਿਆਪਕ ਸ੍ਰੀ ਮੋਤੀ ਰਾਮ ਸ.ਸ. ਮਾਸਟਰ ਨੇ ਵਿਸ਼ੇਸ਼ ਯਤਨਾਂ ਸਦਕਾ ਇਹ ਮੈਗਜ਼ੀਨ ਤਿਆਰ ਕੀਤਾ ਗਿਆ ਹੈ। ਇਸ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਦੀਆਂ ਰਚਨਾਵਾਂ ਤੋਂ ਇਲਾਵਾ ਸਾਰੇ ਸੈਸ਼ਨ ਦੀਆਂ ਕਰਵਾਈਆਂ ਗਈਆਂ ਗਤੀਵਿਧੀਆਂ, ਪ੍ਰਗਤੀ ਰਿਪੋਰਟਾਂ ਤੋਂ ਇਲਾਵਾ ਜ਼ਿਲਾ ਸਿੱਖਿਆ ਅਫਸਰ ਸਕੈਂਡਰੀ ਸਿੱਖਿਆ, ਬਠਿੰਡਾ ਸ੍ਰੀ ਸ਼ਿਵਪਾਲ ਗੋਇਲ ਦੇ ਸੰਦੇਸ਼ ਤੋਂ ਇਲਾਵਾ ਕਮੇਟੀ ਮੈਂਬਰਾਂ ਅਤੇ ਪ੍ਰਿੰਸੀਪਲ ਸ਼੍ਰੀਮਤੀ ਲਵਲੀਨ ਕੌਰ ਆਦਿ ਦੇ ਸੰਦੇਸ਼ ਵੀ ਪ੍ਰਕਾਸ਼ਿਤ ਕੀਤੇ ਗਏ ਹਨ। ਇਸ ਦੇ ਸੰਪਾਦਕ ਸ਼੍ਰੀ ਮੋਤੀ ਰਾਮ ਹਨ ਅਤੇ ਸਹਾਇਕ ਸੰਪਾਦਕ ਮੈਡਮ ਰੁਪਿੰਦਰ ਕੌਰ ਨੇ ਇਸ ਨੂੰ ਛਾਪਣ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ ਹੈ। ਸਕੂਲ ਮੈਕਜੀਨ "ਵਧਦੀਆਂ ਵੇਲਾਂ" ਨੂੰ ਰਿਲੀਜ ਕਰਨ ਸਮੇਂ ਕਮੇਟੀ ਦੇ ਮੈਂਬਰ ਸ. ਅਜੈਬ ਸਿੰਘ ਅਤੇ ਸ. ਅੰਗਰੇਜ਼ ਸਿੰਘ ਨੇ ਸੰਬੋਧਨ ਕਰਨ ਸਮੇਂ ਦੱਸਿਆ ਕਿ ਇਹ ਮੈਗਜ਼ੀਨ ਸਕੂਲ ਦਾ ਦੂਸਰਾ ਅੰਕ ਹੈ ਤੇ ਬਹੁਤ ਹੀ ਵਧੀਆ ਢੰਗ ਨਾਲ ਇਸ ਨੂੰ ਸੰਪਾਦਨ ਕਰਕੇ ਛਪਵਾਇਆ ਗਿਆ ਹੈ। ਜਿਸ ਵਿੱਚ ਸਕੂਲ ਦੀ ਹਰ ਗਤੀਵਿਧੀ ਨੂੰ ਸ਼ਾਮਿਲ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਸਕੂਲ ਮੈਗਜ਼ੀਨ "ਵਧਦੀਆਂ ਵੇਲਾਂ" ਨੂੰ ਰਿਲੀਜ ਕਰਨ ਸਮੇਂ ਸਮੂਹ ਕਮੇਟੀਆਂ ਦੇ ਮੈਂਬਰ ਸਾਹਿਬਾਨ, ਚੇਅਰਮੈਨ ਸ. ਅੰਗਰੇਜ਼ ਸਿੰਘ, ਸ. ਅਜੈਬ ਸਿੰਘ, ਸ. ਭਾਗ ਸਿੰਘ ਵਿਸ਼ੇਸ਼ ਮਹਿਮਾਨਾਂ ਤੋਂ ਇਲਾਵਾ ਸਕੂਲ ਅਧਿਆਪਕ ਸ੍ਰੀਮਤੀ ਸੁਖਮਿੰਦਰ ਕੌਰ, ਸੁਖਬੀਰ ਕੌਰ ਮੋਨਿਕਾ ਰਾਣੀ ਸ੍ਰੀ ਮਨੋਜ ਕੁਮਾਰ, ਮੈਡਮ ਮੋਨਿਕਾ ਤਾਇਲ ਆਦਿ ਵੀ ਹਾਜ਼ਰ ਸਨ।

# ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਯੋਜਨਾ ਤਹਿਤ ਲਾਭ ਲੈਣ ਲਈ ਈ.ਕੇ.ਵਾਈ.ਸੀ ਕਰਵਾਉਣੀ ਜਰੂਰੀ - ਮੁੱਖ ਖੇਤੀਬਾੜੀ ਅਫਸਰ



**ਜੰਡਿਆਲਾ ਗੁਰੂ, 31 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਮੁੱਖ ਖੇਤੀਬਾੜੀ ਅਫਸਰ ਅੰਮ੍ਰਿਤਸਰ ਸ. ਤਜਿੰਦਰ ਸਿੰਘ ਨੇ ਦੱਸਿਆ ਕਿ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਯੋਜਨਾ ਤਹਿਤ ਜਿੰਨਾਂ ਕਿਸਾਨਾਂ ਨੇ 2000 ਰੁਪਏ ਦੀਆਂ ਸਲਾਨਾ ਤਿੰਨ ਕਿਸ਼ਤਾਂ ਲੈਣ ਲਈ ਪੀ.ਐਮ. ਕਿਸਾਨ ਪੋਰਟਲ ਤੇ ਰਜਿਸਟਰੇਸ਼ਨ ਕਾਰਵਾਈ ਹੋਈ ਹੈ ਅਤੇ ਕਿਸ਼ਤਾਂ ਦਾ ਲਾਭ ਮਿਲਣਾ ਬੰਦ ਹੋ ਗਿਆ ਹੈ। ਉਹਨਾਂ ਕਿਸਾਨਾਂ ਲਈ ਇਸ ਸਕੀਮ ਦੀ ਅਗਲੀ ਕਿਸ਼ਤ ਲੈਣ ਲਈ ਈ.ਕੇ.ਵਾਈ.ਸੀ. ਕਰਵਾਉਣੀ ਲਾਜ਼ਮੀ ਹੈ। ਜਿੰਨਾਂ ਲਾਭਪਾਤਰੀ ਕਿਸਾਨਾਂ ਦੀ ਈ.ਕੇ.ਵਾਈ.ਸੀ ਮੁਕੰਮਲ ਨਾ ਹੋਣ ਕਰਕੇ ਪਿਛਲੀ ਕਿਸ਼ਤ ਜਾਰੀ ਨਹੀ ਹੋਈ। ਉਹ ਆਪਣੇ ਨਜਦੀਕੀ ਕਾਮਨ ਸਰਵਿਸ ਸੈਂਟਰ ਤੇ ਜਾ ਕੇ ਬਾਇਓਮਿਟਰਿਕ ਵਿਧੀ ਰਾਹੀਂ ਜਾਂ ਪੀ.ਐਮ.ਕਿਸਾਨ ਮੋਬਾਇਲ ਐਪ ਰਾਹੀਂ ਵੀ ਈ.ਕੇ.ਵਾਈ.ਸੀ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਇਸ ਸਕੀਮ ਦਾ ਲਾਭ ਲੈਣ ਲਈ ਲੈਂਡ ਸੀਡਿੰਗ ਹੋਣਾ ਵੀ ਲਾਜ਼ਮੀ ਹੋ ਗਿਆ ਹੈ। ਇਸ ਲਈ ਜਿੰਨਾਂ ਕਿਸਾਨਾਂ ਨੂੰ ਈ.ਕੇ.ਵਾਈ.ਸੀ ਕਰਵਾਉਣ ਦੇ ਬਾਵਜੂਦ ਵੀ ਇਸ ਸਕੀਮ ਦਾ ਲਾਭ ਨਹੀ ਮਿਲ ਰਿਹਾ। ਉਹ ਆਪਣੇ ਆਧਾਰ ਕਾਰਡ ਅਤੇ ਜਮੀਨ ਦੀ ਜਮਾਂਬੰਦੀ/ ਫਰਦ ਹਕੀਕਤ ਦੀ ਕਾਪੀ ਸਬੰਧਤ ਬਲਾਕ ਖੇਤੀਬਾੜੀ ਦਫਤਰ ਵਿਖੇ ਜਮ੍ਹਾਂ ਕਰਵਾ ਦੇਣ ਤਾਂ ਜੋ ਉਹਨਾਂ ਦੀ ਲੈਂਡ ਸੀਡਿੰਗ ਸਬੰਦੀ ਲੋੜੀਂਦੀ ਕਾਰਵਾਈ ਮੁਕੰਮਲ ਕੀਤੀ ਜਾ ਸਕੇ।

# ਸ਼ਹੀਦ ਸ੍ਰ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ ਭਾਰਤ ਦੇਸ਼ ਦੀ ਆਜ਼ਾਦੀ ਲਈ ਸ੍ਰ ਊਧਮ ਸਿੰਘ ਜੀ ਨੇ ਸ਼ਹਾਦਤ ਦਿੱਤੀ ਡਾ: ਮੰਗਲ ਸਿੰਘ ਕਿਸ਼ਨਪੁਰੀ



**ਜੰਡਿਆਲਾ ਗੁਰੂ, 31 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਅੱਜ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਡਾਇਰੈਕਟਰ ਡਾ ਮੰਗਲ ਸਿੰਘ ਕਿਸ਼ਨਪੁਰੀ ਦੀ ਅਗਵਾਈ ਵਿੱਚ ਸਕੂਲ ਮੈਨੇਜਮੈਂਟ ਅਤੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਹੀਦ ਸ੍ਰ ਊਧਮ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਸ਼ਹੀਦ ਊਧਮ ਸਿੰਘ ਨੂੰ ਭਾਰਤੀ ਸੁਤੰਤਰਤਾ ਅੰਦੋਲਨ ਦੇ ਸਭ ਤੋਂ ਸਤਿਕਾਰਤ ਸੁਤੰਤਰਤਾ ਸੈਨਾਨੀਆਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਜਲ੍ਹਿਆਂਵਾਲਾ ਬਾਗ ਦੇ ਸਾਕੇ ਦਾ ਬਦਲਾ ਲੈਣ ਲਈ, ਕ੍ਰਾਂਤੀਕਾਰੀ ਨੇਤਾ ਸ਼ਹੀਦ ਊਧਮ ਸਿੰਘ ਨੇ 1940 ਵਿੱਚ ਲੰਡਨ ਵਿੱਚ ਮਾਈਕਲ ਓਡਵਾਇਰ ਨੂੰ ਮਾਰ ਦਿੱਤਾ ਸੀ। ਇਸ ਬਹਾਦਰ ਨੂੰ ਭਾਰਤ ਦੀ ਆਜ਼ਾਦੀ ਲਈ ਲੜਦਿਆਂ ਛੋਟੀ ਉਮਰ ਵਿੱਚ ਹੀ ਫਾਂਸੀ ਦੇ ਦਿੱਤੀ ਗਈ ਸੀ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਆਜ਼ਾਦੀ ਦੇ ਯੋਧਿਆਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਨੇਕ ਜੀਵਨ ਬਤੀਤ ਕਰਨ ਲਈ ਕਿਹਾ ਕਿ "ਸ਼ਹੀਦ ਊਧਮ ਸਿੰਘ ਜੀ ਦੀ ਕੁਰਬਾਨੀ ਭਾਰਤ ਦੇ ਮੁਕਤੀ ਸੰਗਰਾਮ ਦੀ ਸਦੀਵੀ ਭਾਵਨਾ ਦੀ ਉਦਾਹਰਨ ਹੈ," ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ, ਸ਼ਿਲਪਾ ਸ਼ਰਮਾ, ਨਿਲਾਕਸ਼ੀ ਗੁਪਤਾ, ਪ੍ਰਿਯੰਕਾ ਸ਼ਰਮਾ (ਕੋਆਰਡੀਨੇਟਰ) ਸਮੂਹ ਸਟਾਫ਼ ਅਤੇ ਬੱਚੇ ਹਾਜਿਰ ਸਨ।

# ਬੰਦੀ ਸਿੰਘਾਂ ਦੀ ਰਿਹਾਈ ਬਾਰੇ ਧਵਲੇਸ਼ਬੀਰ ਸਿੰਘ ਦਾ ਗੀਤ 'ਸਿੱਖ ਵਰਸਿਜ਼ ਸੱਪ' ਗਿਆਨੀ ਹਰਪ੍ਰੀਤ ਸਿੰਘ ਵੱਲੋਂ ਜਾਰੀ



**ਤਲਵੰਡੀ ਸਾਬੋ, 31 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਜ਼ਫਰਨਾਮਾ ਸਾਹਿਬ ਜ਼ੁਬਾਨੀ ਯਾਦ ਕਰਕੇ ਗਾਉਣ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਸਨਮਾਨੇ ਜਾ ਚੁੱਕੇ ਨੌਜਵਾਨ ਧਵਲੇਸ਼ਬੀਰ ਸਿੰਘ ਗਿੱਲਪਤੀ ਵੱਲੋਂ ਹੁਣ ਆਪਣੇ ਗੀਤ ਰਾਹੀਂ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਉਭਾਰਿਆ ਗਿਆ ਹੈ ਅਤੇ ਨੌਜਵਾਨ ਗਾਇਕ ਦਾ ਇਹ ਗੀਤ 'ਸਿੱਖ ਵਰਸਿਜ਼ ਸੱਪ' ਅੱਜ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਹੋਰਨਾਂ ਪੰਥਕ ਸਖਸ਼ੀਅਤਾਂ ਵੱਲੋਂ ਗੀਤ ਦਾ ਪੋਸਟਰ ਲਾਂਚ ਕਰਕੇ ਰਸਮੀ ਤੌਰ 'ਤੇ ਜਾਰੀ ਕਰ ਦਿੱਤਾ ਗਿਆ। ਗੀਤ ਨੂੰ ਰਸਮੀ ਤੌਰ ਤੇ ਜਾਰੀ ਕਰਨ ਮੌਕੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਉਹ ਨੌਜਵਾਨ ਜੋ ਗਾਇਕੀ ਜਾਂ ਹੋਰ ਕਲਾਵਾਂ ਚ ਮੁਹਾਰਤ ਰੱਖਦੇ ਹਨ ਉਹ ਸਿੱਖਾਂ ਦੇ ਚਲੰਤ ਮਸਲਿਆਂ ਨੂੰ ਉਭਾਰਨ ਚ ਯੋਗਦਾਨ ਪਾਉਣ। ਉਨਾਂ ਨੇ ਧਵਲੇਸ਼ਬੀਰ ਸਿੰਘ ਦੀ ਸ਼ਲਾਘਾ ਕੀਤੀ ਕਿ ਉਸਨੇ ਇੰਨੀ ਛੋਟੀ ਉਮਰ 'ਚ ਜਿੱਥੇ ਪਹਿਲਾਂ ਜ਼ਫਰਨਾਮਾ ਸਾਹਿਬ ਜ਼ੁਬਾਨੀ ਯਾਦ ਕਰਕੇ ਗਾਇਆ ਉੱਥੇ ਹੁਣ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਆਪਣੇ ਗੀਤ ਰਾਹੀਂ ਉਭਾਰਿਆ ਹੈ। ਗੀਤ ਜਾਰੀ ਕਰਨ ਮੌਕੇ ਵਿਸ਼ੇਸ ਤੌਰ 'ਤੇ ਮੌਜੂਦ ਸੇਵਾਪੰਥੀ ਸੰਪਰਦਾਇ ਦੇ ਮੁਖੀ ਬਾਬਾ ਕਰਮਜੀਤ ਸਿੰਘ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਾਨਕਸਰ ਸੰਪਰਦਾ ਦੇ ਬਾਬਾ ਜੋਗਾ ਸਿੰਘ ਕਰਨਾਲ ਵਾਲਿਆਂ ਨੇ ਵੀ ਧਵਲੇਸ਼ਬੀਰ ਸਿੰਘ ਵੱਲੋਂ ਲਿਖੇ ਅਤੇ ਗਾਏ ਗੀਤ ਦੀ ਸ਼ਲਾਘਾ ਕਰਦਿਆਂ ਉਸਦੀ ਭਵਿੱਖੀ ਕਾਮਯਾਬੀ ਲਈ ਸ਼ੁਭ ਇੱਛਾਵਾਂ ਭੇਂਟ ਕੀਤੀਆਂ। ਪੰਥਕ ਸਖਸ਼ੀਅਤਾਂ ਨੇ ਉਕਤ ਗੁਣੀ ਬੱਚੇ ਦੇ ਪਿਤਾ ਐਡਵੋਕੇਟ ਰਣਬੀਰ ਸਿੰਘ ਬਰਾੜ ਨੂੰ ਵੀ ਉਕਤ ਕਾਰਜ ਲਈ ਸ਼ੁਭਕਾਮਨਾਵਾਂ ਭੇਂਟ ਕੀਤੀਆਂ। ਧਵਲੇਸ਼ਬੀਰ ਸਿੰਘ ਨੇ ਦੱਸਿਆ ਕਿ ਰਾਵਣ ਬਰਾੜ ਵੱਲੋਂ ਪ੍ਰਸੁਤਿਤ ਉਕਤ ਗੀਤ ਨੂੰ ਸੰਗੀਤ ਨੂਰਦੀਪ ਸਿੰਘ ਸਿੱਧੂ ਨੇ ਦਿੱਤਾ ਜਦੋਂਕਿ ਸੰਯੁਕਤ ਸਮਾਜ ਮੋਰਚਾ ਦੇ ਹਰਮਿਲਾਪ ਗਰੇਵਾਲ ਦਾ ਵਿਸ਼ੇਸ ਸਹਿਯੋਗ ਰਿਹਾ। ਉਨਾਂ ਵਿਸ਼ਵਾਸ ਦਵਾਇਆ ਕਿ ਉਹ ਭਵਿੱਖ ਵਿੱਚ ਵੀ ਆਪਣੀ ਕਲਮ ਅਤੇ ਆਵਾਜ਼ ਰਾਹੀਂ ਸਿੱਖ ਮੁੱਦਿਆਂ ਨੂੰ ਸੰਗਤ ਚ ਲੈਜਾਣ ਦੇ ਯਤਨ ਜਾਰੀ ਰੱਖੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਹੋਈ ਚੋਣ





ਫ਼ਿਰੋਜ਼ਪੁਰ, 31 ਜੁਲਾਈ (ਮਨੋਹਰ ਲਾਲ):— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਫਿਰੋਜ਼ਪੁਰ ਬਲਾਕ ਘੱਲ ਖੁਰਦ ਵੱਲੋਂ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਜ਼ਿਲ੍ਹਾ ਪ੍ਰਧਾਨ ਜਗੀਰ ਸਿੰਘ ਖਹਿਰਾ ਦੀ ਅਗਵਾਈ ਹੇਠ ਪਿੰਡ ਚੰਦੜ ਦੇ ਗੁਰਦੁਆਰਾ ਸਾਹਿਬ ਵਿਖੇ ਪਿੰਡ ਇਕਾਈ ਦੀ ਚੋਣ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਗੁਲਜਾਰ ਸਿੰਘ ਕੱਬਰ ਵੱਛਾ ਨੇ ਪਿੰਡ ਵਾਸੀਆਂ ਨੂੰ ਜਥੇਬੰਦੀ ਦੇ ਵਿਧਾਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ, ਜਦੋਂ ਕਿ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਜਥੇਬੰਦਕ ਹੋਣ ਦੀ ਅਸਲ ਵਜਹਾ ਤੇ ਚਾਨਣਾ ਪਾਇਆ ਅਤੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਜਾਣੂ ਕਰਵਾਇਆ। ਇਸ ਮੌਕੇ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ ਨੇ ਗੁਰਦੁਆਰਾ ਸਾਹਿਬ ਵਿਖੇ ਪਹੁੰਚੇ ਹੋਏ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸੂਬਾ ਪ੍ਰਧਾਨ ਅਤੇ ਜ਼ਿਲ੍ਹੇ ਦੇ ਆਗੂਆਂ ਵੱਲੋਂ ਅਹੁਦੇਦਾਰ ਚੁਣੇ ਹੋਏ ਜੁਝਾਰੂ ਸਾਥੀਆਂ ਨੂੰ ਬੈਜ ਲਗਾ ਕੇ ਅਹੁਦੇਦਾਰੀ ਉੱਪਰ ਨਿਵਾਜਿਆ ਗਿਆ। ਇਸ ਮੌਕੇ ਪੂਰੇ ਨਗਰ ਦੀ ਸਹਿਮਤੀ ਦੇ ਨਾਲ ਪ੍ਰੀਤਮ ਸਿੰਘ ਨੂੰ ਪ੍ਰਧਾਨ, ਸੁਖਬੀਰ ਸਿੰਘ ਨੂੰ ਮੀਤ ਪ੍ਰਧਾਨ, ਸੁਖਜਿੰਦਰ ਸਿੰਘ ਨੂੰ ਸਕੱਤਰ, ਸੁਬੇਗ ਸਿੰਘ ਨੂੰ ਸਹਾਇਕ ਸਕੱਤਰ, ਜਗੀਰ ਸਿੰਘ ਨੂੰ ਖਜਾਨਚੀ, ਬਲਵਿੰਦਰ ਸਿੰਘ ਸਲਾਹਕਾਰ, ਜਰਨੈਲ ਸਿੰਘ, ਗੁਰਸੇਵਕ ਸਿੰਘ, ਪਰਮਜੀਤ ਸਿੰਘ, ਪ੍ਰੀਤਮ ਸਿੰਘ, ਬੂਟਾ ਸਿੰਘ, ਅਜੈਬ ਸਿੰਘ, ਗੁਰਭੇਜ ਸਿੰਘ, ਪਰਮਜੀਤ ਸਿੰਘ, ਅਜੈਬ ਸਿੰਘ ਜ਼ਿਲ੍ਹਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ ਸਾਹਿਬ ਸਿੰਘ ਵਾੜਾ ਭਾਈਕਾ ਘੱਲ ਬਲਾਕ ਪ੍ਰਧਾਨ ਜਸਕਰਨ ਸਿੰਘ ਮੋਰਾਂਵਾਲੀ ਫਰੀਦਕੋਟ ਜ਼ਿਲ੍ਹਾ ਪ੍ਰਧਾਨ ਰੇਸ਼ਮ ਸਿੰਘ ਬਲਵੰਤ ਸਿੰਘ ਸ਼ਿਹਜ਼ਾਦੀ, ਬਲਵਿੰਦਰ ਸਿੰਘ, ਸੁਰਜੀਤ ਸਿੰਘ, ਬਲਦੇਵ ਸਿੰਘ, ਗਜਿੰਦਰ ਸਿੰਘ, ਤਲਵਿੰਦਰ ਸਿੰਘ ਸਾਮਾ, ਬਲਾਰ ਸਿੰਘ, ਜਗੀਰ ਸਿੰਘ, ਸੁਖਰਾਜ ਸਿੰਘ, ਚੜਤ ਸਿੰਘ, ਪ੍ਰੀਤਮ ਸਿੰਘ, ਗੁਰਜੀਤ ਸਿੰਘ, ਸੁਖਦੇਵ ਸਿੰਘ, ਬੇਅੰਤ ਸਿੰਘ, ਪ੍ਰੀਤਮ ਸਿੰਘ, ਹਰਪ੍ਰੀਤ ਸਿੰਘ ਟੁਰਨਾ, ਪਰਮਜੀਤ ਸਿੰਘ, ਸੁਖਬੀਰ ਸਿੰਘ, ਸੁਖਜਿੰਦਰ ਸਿੰਘ, ਹਰਭਜਨ ਸਿੰਘ ਟੁਰਨਾ, ਅਜੈਬ ਸਿੰਘ, ਸੁਖਜਿੰਦਰ ਸਿੰਘ, ਰੇਸ਼ਮ ਸਿੰਘ, ਪਰਮਿੰਦਰ ਸਿੰਘ, ਗੁਰਚਰਨ ਸਿੰਘ, ਸੁਬੇਗ ਸਿੰਘ, ਗੁਰਭੇਜ ਸਿੰਘ ਆਦਿ ਹਾਜ਼ਰ ਸਨ।

# ਰੁੱਖਾਂ ਬਿਨ੍ਹਾਂ ਮਨੁੱਖੀ ਜੀਵਨ ਸੰਭਵ ਨਹੀਂ : ਸਾਮਾ




**ਫ਼ਿਰੋਜ਼ਪੁਰ, 31 ਜੁਲਾਈ (ਮਨੋਹਰ ਲਾਲ)** :—ਰੁੱਖ ਤੇ ਮਨੁੱਖ ਦੀ ਸਾਂਝ ਮੁੱਢ ਕਦੀਮ ਤੋਂ ਚੱਲੀ ਆ ਰਹੀ ਹੈ, ਸਾਫ ਸੁੱਥਰੇ ਵਾਤਾਵਰਨ, ਪਾਣੀ ਅਤੇ ਸਵੱਛ ਹਵਾ ਤੋਂ ਬਗੈਰ ਮਨੁੱਖੀ ਜੀਵਨ ਦੀ ਕਲਪਨਾ ਕਰਨਾ ਵੀ ਮੁਸ਼ਿਕਲ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਚਰਨ ਸਿੰਘ ਸਾਮਾ ਪ੍ਰਬੰਧਕ ਗਰਾਮਰ ਸੀਨੀਅਰ ਸੈਕੰਡਰੀ ਸਕੂਲ ਫਿਰੋਜਪੁਰ ਛਾਉਣੀ ਨੇ ਸਕੂਲ ਵਿਖੇ ਰੁੱਖ ਲਗਾਉ ਮਹਿੰਮ ਦੇ ਆਗਾਜ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਰੁੱਖਾਂ ਦੀ ਸਾਡੇ ਜੀਵਨ ਵਿਚ ਅਹਿਮ ਮਹੱਤਤਾ ਹੈ ਅਤੇ ਦਿਨੋ—ਦਿਨ ਵੱਧ ਰਹੀ ਤਪਸ਼ ਤੇ ਕਾਬੂ ਪਾਉਣ ਲਈ ਆਲੇ—ਦੁਆਲੇ ਨੂੰ ਹਰਿਆ—ਭਰਿਆ ਰੱਖਣਾ ਅਤਿਅੰਤ ਜਰੂਰੀ ਹੈ। ਉਨ੍ਹਾਂ ਆਖਿਆ ਕਿ ਸਾਡੇ ਧਾਰਮਿਕ ਗ੍ਰੰਥਾਂ ਵਿੱਚ ਹਵਾ ਨੂੰ ਗੁਰੂ ਦਾ ਦਰਜਾ ਦਿੱਤਾ ਹੈ, ਜਦੋਂ ਕਿ ਪਾਣੀ ਨੂੰ ਪਿਤਾ ਅਤੇ ਧਰਤੀ ਨੂੰ ਮਾਤਾ ਦਾ ਦਰਜਾ ਦਿੱਤਾ ਹੈ, ਪਰ ਇਸ ਸਭ ਦੇ ਬਾਵਜੂਦ ਅਸੀਂ ਹਵਾਵਾਂ ਨੂੰ ਪ੍ਰਦੂਸ਼ਿਤ ਕਰ ਰਹੇ ਹਾਂ ਅਤੇ ਪੰਜਾਬ ਦਾ ਪਾਣੀ ਗੰਧਲਾ ਹੁੰਦਾ ਜਾ ਰਿਹਾ ਹੈ। ਇਸ ਮੌਕੇ ਪ੍ਰਿੰਸੀਪਲ ਮੈਡਮ ਸੋਨੀਆ ਰਾਣਾ ਨੇ ਕਿਹਾ ਕਿ ਰੁੱਖਾਂ ਦੀ ਘਾਟ ਕਾਰਨ ਆਲਮੀ ਤਪਸ ਵੱਧ ਰਹੀ ਹੈ, ਜਿਸ ਨਾਲ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਲਈ ਦਰੱਖਤ ਲਗਾਉਣਾ ਸਮੇਂ ਦੀ ਅਹਿਮ ਲੋੜ ਹੈ। ਵਾਤਾਵਰਣ ਨੂੰ ਬਚਾਉਣ ਲਈ ਸਾਨੂੰ ਕੁਦਰਤ ਦੇ ਨਿਯਮਾਂ ਅਨੁਸਾਰ ਚੱਲਣਾ ਚਾਹੀਦਾ ਹੈ। ਪ੍ਰਿੰਸੀਪਲ ਮੈਡਮ ਸੋਨੀਆ ਰਾਣਾ ਨੇ ਰੁੱਖਾਂ ਦੀ ਮਹੱਤਤਾ ’ਤੇ ਰੌਸ਼ਨੀ ਪਾਉਦੇਂ ਹੋਏ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਸੰਭਾਲ, ਸਵੱਛਤਾ ਤੇ ਪਾਣੀ ਦੀ ਮਨੁੱਖੀ ਜੀਵਨ ’ਚ ਲੋੜ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਸਕੂਲ ਮੈਡਮ ਇੰਦੂ ਸ਼ਰਮਾ, ਰਾਜੀਵ ਚਾਵਲਾ, ਰਾਜੇਸ਼ ਕੁਮਾਰੀ, ਸੰਗੀਤਾ, ਭਵਨਜੋਤ ਸਿੰਘ ਅਤੇ ਨੀਲਮ ਆਦਿ ਹਾਜਰ ਸਨ।

# ‘ਆਪ ਦੀ ਸਰਕਾਰ ਆਪ ਦੇ ਦੁਆਰ’ ਤਹਿਤ 1 ਅਗਸਤ ਨੂੰ ਨਾਗ ਕਲਾਂ ਅਤੇ 6 ਅਗਸਤ ਨੂੰ ਰਈਆ ਵਿਖੇ ਲੱਗੇਗਾ ਕੈਂਪ - ਡਿਪਟੀ ਕਮਿਸ਼ਨਰ



**ਜੰਡਿਆਲਾ ਗੁਰੂ 31 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਨੂੰ ਇੱਕੋਂ ਛੱਤ ਹੇਠ ਵੱਖ-ਵੱਖ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਲਗਾਏ ਜਾ ਰਹੇ ਕੈਂਪਾਂ ਨੂੰ ਜ਼ਿਲ੍ਹੇ ਦੇ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਦੱਸਿਆ ਕਿ ‘ਆਪ ਦੀ ਸਰਕਾਰ ਆਪ ਦੇ ਦੁਆਰ’ ਤਹਿਤ ਜਿਲ੍ਹੇ ਵਿੱਚ ਕੈਂਪ ਲਗਾ ਕੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਦਿੱਤਾ ਜਾ ਰਿਹਾ ਅਤੇ ਆਉਣ ਵਾਲੇ ਵਿਅਕਤੀਆਂ ਵੱਲੋਂ ਵੱਖ- ਵੱਖ ਸੇਵਾਵਾਂ ਹਾਸਲ ਕਰਨ ਲਈ ਅਪਲਾਈ ਕੀਤਾ ਜਾ ਰਿਹਾ ਅਤੇ ਮੌਕੇ ਤੇ ਹੀ ਸਰਟੀਫਿਕੇਟ ਮੁਹੱਈਆ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਨੂੰ ਸਾਰੀਆਂ ਸਰਕਾਰੀ ਸਹੂਲਤਾਂ ਇਕੋ ਥਾਂ ਹੀ ਮਿੱਲ ਰਹੀਆਂ ਹਨ। ਜਿਸ ਨਾਲ ਉਨਾਂ ਦੇ ਪੈਸੇ ਅਤੇ ਸਮੇਂ ਦੀ ਬਚਤ ਵੀ ਹੋ ਰਹੀ ਹੈ। ਸ੍ਰੀ ਥੋਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 1 ਅਗਸਤ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨਾਗ ਕਲਾਂ ਅਤੇ 6 ਅਗਸਤ ਨੂੰ ਸਿੰਚਾਈ ਵਿਭਾਗ, ਰੈਸਟ ਹਾਊਸ, ਰਈਆ ਵਿਖੇ ਲੱਗੇਗਾ। ਉਨਾਂ ਦੱਸਿਆ ਕਿ ਕੈਂਪਾਂ ਵਿੱਚ ਜੋ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ, ਉਨ੍ਹਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਯਾਂਗ ਅਤੇ ਆਸ਼ਿਰਤ ਪੈਨਸ਼ਨ, ਜਨਮ ਸਰਟੀਫਿਕੇਟ ’ਚ ਨਾਂ ਦੀ ਤਬਦੀਲੀ, ਸਿਹਤ ਵਿਭਾਗ ਨਾਲ ਸਬੰਧਤ ਸਕੀਮਾਂ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਵਿਆਹ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ,ਐੱਨ.ਆਰ. ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਿਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ ’ਚ ਤਬਦੀਲੀ ਆਦਿ ਸੇਵਾਵਾਂ ਸ਼ਾਮਿਲ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਲੋਕ 1076 ਨੰਬਰ ਡਾਇਲ ਕਰਕੇ ਘਰ ਬੈਠੇ ਹੀ ਇਹ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ।

# 1076 ’ਤੇ ਕਾਲ ਕਰਕੇ ਘਰ ਬੈਠੇ ਹੀ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ 43 ਪ੍ਰਕਾਰ ਦੀਆਂ ਸੇਵਾਵਾਂ- ਡਿਪਟੀ ਕਮਿਸ਼ਨਰ

## ਹੁਣ ਤੱਕ ਕਰੀਬ 1500 ਲਾਭਪਾਤਰੀ ਲੈ ਚੁੱਕੇ ਹਨ ਲਾਹਾ



**ਬਠਿੰਡਾ, 31 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਘਰ ਬੈਠੇ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਸਰਕਾਰ ਵੱਲੋਂ ਸ਼ੁਰੂ ਕੀਤੀ ਹੈਲਪਲਾਈਨ 1076 ਸੇਵਾ ਨਾਲ ਪ੍ਰਸ਼ਾਸਨ ਲੋਕਾਂ ਤੱਕ ਪਹੁੰਚ ਰਿਹਾ ਹੈ ਤੇ ਘਰ ਬੈਠੇ ਲੋਕਾਂ ਨੂੰ 43 ਪ੍ਰਕਾਰ ਦੀਆਂ ਸਰਕਾਰੀ ਸੇਵਾਵਾਂ ਮੁਹੱਈਆ ਕਰਵਾ ਰਿਹਾ ਹੈ, ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਸਾਂਝੀ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਦਸੰਬਰ 2023 ਤੋਂ ਲੈ ਕੇ ਹੁਣ ਤੱਕ ਕਰੀਬ 1500 ਲਾਭਪਾਤਰੀ ਇਸ ਸਕੀਮ ਦਾ ਲਾਹਾ ਲੈ ਚੁੱਕੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤਹਿਤ ਬੁਢਾਪਾ, ਵਿਧਵਾ, ਅੰਗਹੀਣ ਅਤੇ ਆਸ਼ਿਰਤ ਪੈਨਸ਼ਨ, ਆਮਦਨ ਸਰਟੀਫਿਕੇਟ, ਹਲਫੀਆ ਬਿਆਨ, ਭਾਰ ਰਹਿਤ ਸਰਟੀਫਿਕੇਟ, ਜ਼ਮ੍ਹਾਂਬੰਦੀ ਕਢਵਾਉਣ ਸਬੰਧੀ, ਜਮੀਨ ਦੀ ਨਿਸ਼ਾਨਦੇਹੀ, ਜਨਮ ਸਰਟੀਫਿਕੇਟ, ਮੌਤ ਸਰਟੀਫਿਕੇਟ, ਐਸ.ਸੀ., ਬੀ.ਸੀ. ਸਰਟੀਫਿਕੇਟ ਆਦਿ ਵਰਗੀਆਂ ਕੁੱਲ 43 ਸੇਵਾਵਾਂ ਉਪਲਬੱਧ ਕਰਵਾਈਆਂ ਜਾ ਰਹੀਆਂ ਹਨ। ਇਸ ਲਈ ਸੇਵਾ ਕੇਂਦਰ ਤੇ ਲੱਗਣ ਵਾਲੀ ਫੀਸ ਤੋਂ ਇਲਾਵਾ 120 ਰੁਪਏ ਦੀ ਪ੍ਰਤੀ ਸਰਵਿਸ ਵਿਜ਼ਿਟ ਫੀਸ ਅਲੱਗ ਤੋਂ ਲਾਗੂ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸੁਵਿਧਾ ਨਾਲ ਆਮ ਲੋਕਾਂ ਦਾ ਦਫ਼ਤਰਾਂ ਵਿੱਚ ਆਉਣ-ਜਾਣ ਨਾਲ ਉਨ੍ਹਾਂ ਦੇ ਸਮੇਂ ਦੀ ਬੱਚਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਨੁਮਾਂਇੰਦੇ ਨਾਗਰਿਕ ਦੇ ਘਰ ਆ ਕੇ ਉਸ ਦੀ ਅਰਜ਼ੀ ਲੈਂਦਾ ਹੈ, ਫੋਟੋ ਤੇ ਹੋਰ ਦਸਤਾਵੇਜ਼ ਪ੍ਰਾਪਤ ਕਰਦਾ ਹੈ ਅਤੇ ਨਾਗਰਿਕ ਦਾ ਕੰਮ ਹੋਣ ਤੋਂ ਬਾਅਦ ਸਰਟੀਫਿਕੇਟ ਉਨ੍ਹਾਂ ਦੇ ਘਰ ਪਹੁੰਚਾਉਂਦਾ ਹੈ। ਡਿਪਟੀ ਕਮਿਸ਼ਨਰ ਨੇ ਸਮੂਹ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਇਸ ਡੋਰ ਸਟੈੱਪ ਸਰਵਿਸ ਰਾਹੀਂ 1076 ’ਤੇ ਕਾਲ ਕਰਕੇ ਘਰ ਬੈਠੇ ਹੀ ਇਨ੍ਹਾਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਅਤੇ ਆਪਣੇ ਕੀਮਤੀ ਸਮੇਂ ਦੀ ਬਚਤ ਕਰਨ।

# ਸ਼ਹੀਦ ਊਧਮ ਸਿੰਘ ਨੂੰ ਟੀ.ਬੀ.ਐਸ ਸਕੂਲ ਦੇ ਵਿਦਿਆਰਥੀਆਂ ਕੀਤਾ ਯਾਦ—ਭੇਂਟ ਕੀਤੀਆਂ ਸ਼ਰਧਾਂਜਲੀਆਂ




ਫ਼ਿਰੋਜ਼ਪੁਰ, 31 ਜੁਲਾਈ (ਮਨੋਹਰ ਲਾਲ) :— ਮੋਗਾ ਰੋਡ ’ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਅੱਜ ਸਕੂਲ ਵਿੱਚ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ ਅਤੇ ਉਨ੍ਹਾਂ ਨੂੰ ਯਾਦ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਸ਼ਹੀਦ ਊਧਮ ਸਿੰਘ ਜੀ ਦੀ ਕੁਰਬਾਨੀ, ਦੇਸ਼ ਭਗਤੀ ਅਤੇ ਦੇਸ਼ ਭਗਤੀ ਦੇ ਨਾਅਰੇ ਬੁਲੰਦ ਕਰਦਿਆਂ ਕੌਮ ਦੇ ਹੀਰਿਆਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਕੇ ਸਿਜਦਾ ਕੀਤਾ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਸਾਨੂੰ ਅਮਰ ਸ਼ਹੀਦਾਂ ਦੀ ਕੁਰਬਾਨੀ ਨੂੰ ਨਹੀਂ ਭੁੱਲਣਾ ਚਾਹੀਦਾ, ਅਜਿਹੇ ਮਹਾਨ ਪੁਰਸ਼ਾਂ ਦੇ ਜਨਮ ਅਤੇ ਬਲੀਦਾਨ ਦਿਵਸ ਤੇ ਅਜਿਹੇ ਪ੍ਰੋਗਰਾਮ ਕਰਵਾਉਣ ਦਾ ਮਕਸਦ ਦੇਸ਼ ਦੀ ਨੌਜਵਾਨ ਪੀੜ੍ਹੀ ਚ ਦੇਸ਼ ਭਗਤੀ ਅਤੇ ਦੇਸ਼ ਸੇਵਾ ਦੀ ਭਾਵਨਾ ਨੂੰ ਜਗਾਉਣਾ ਹੈ।




### ਰੋਟਰੀ ਕਲੱਬ ਵਲੋਂ

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਲਗਾਏ ਪੌਦੇ



**ਚੌਕ ਮਹਿਤਾ, 31 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਵੱਲੋਂ ਆਰਟੀਐਨ ਡਾ: ਅਮਰਜੀਤ ਸਿੰਘ ਸਚਦੇਵਾ ਅਤੇ ਸਕੱਤਰ ਆਰਟੀਐਨ ਸ਼੍ਰੀਮਤੀ ਪ੍ਰਭਜੋਤ ਕੌਰ ਸੋਖੀ ਦੀ ਗਤੀਸ਼ੀਲ ਅਗਵਾਈ ਹੇਠ ਪ੍ਰਿੰਸੀਪਲ ਸ਼੍ਰੀਮਤੀ ਹਰਕਮਲ ਸ਼੍ਰੀ ਗੁਰੂ ਹਰਕ੍ਰਿਸ਼ਨ ਸੀਕੇਡੀ ਸਕੂਲ ਸ਼ੁਭਮ ਇੰਨਕਲੇਵ ਦੇ ਸਹਿਯੋਗ ਨਾਲ ਇੱਕ ਰੁੱਖ ਲਗਾਉਣ ਦਾ ਸਮਾਗਮ ਕਰਵਾਇਆ ਗਿਆ। ਪ੍ਰਸਿੱਧ ਵਾਤਾਵਰਣ ਪ੍ਰੇਮੀ ਸ੍ਰੀ ਪੀ ਐਸ ਭੱਟੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਰੁੱਖਾਂ ਦੀ ਮਹੱਤਤਾ ਅਤੇ ਵਾਤਾਵਰਣ ਦੀ ਸੰਭਾਲ ਬਾਰੇ ਭਾਸ਼ਣ ਦਿੱਤਾ। ਇਸ ਮੌਕੇ ਕੁੱਲ 30 ਰੁੱਖ ਲਗਾਏ ਗਏ ਅਤੇ 30 ਵਿਦਿਆਰਥੀਆਂ ਨੂੰ ਹਰ ਪੌਦੇ ਦੀ ਸੰਭਾਲ ਕਰਨ ਦੀ ਸਹੁੰ ਚੁਕਾਈ ਗਈ। ਦੂਜੇ ਵਿਦਿਆਰਥੀਆਂ ਵਿੱਚ ਸੰਦੇਸ਼ ਫੈਲਾਉਣ ਲਈ ਵਿਦਿਆਰਥੀਆਂ ਵਿੱਚ ਇੱਕ ਪੌਦ ਸੁਰੱਖਿਆ ਬ੍ਰਿਗੇਡ ਦਾ ਗਠਨ ਕੀਤਾ ਗਿਆ ਸੀ। ਪ੍ਰਧਾਨ ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਨੇ ਮੁੱਖ ਮਹਿਮਾਨ ਦਾ ਧੰਨਵਾਦ ਕੀਤਾ ਅਤੇ ਸਮਾਗਮ ਲਈ ਆਪਣਾ ਸਹਿਯੋਗ ਦੇਣ ਅਤੇ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ 1 ਕਰੋੜ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਣ ਨੂੰ ਬਚਾਉਣ ਵਿੱਚ ਪਾਏ ਗਏ ਮਹਾਨ ਯੋਗਦਾਨ ਲਈ ਸਨਮਾਨਿਤ ਕੀਤਾ ਅੰਤ ਵਿੱਚ ਸਕੂਲ ਪ੍ਰਬੰਧਕਾਂ ਨੇ ਸਾਰੇ ਆਰਟੀਐਨ ਮੈਂਬਰਾਂ ਨੂੰ ਸਨਮਾਨਿਤ ਕੀਤਾ ਉਨ੍ਹਾਂ ਨੂੰ ਇੱਕ ਪੌਦਾ ਭੇਟ ਕਰਕੇ ਇਸ ਮੌਕੇ ਆਰ.ਟੀ.ਐਨ. ਉਪਕਾਰ ਸਿੰਘ ਆਰ.ਟੀ.ਐਨ.ਏ.ਐਸ. ਤੁਲੀ ਆਰ.ਟੀ.ਐਨ. ਰੁਪਿੰਦਰ ਕਟਾਰੀਆ. ਆਰ ਟੀ ਐਨ ਅੰਕੁਰ ਗੁਪਤਾ, ਆਰ ਟੀ ਐਨ ਜਗਜੀਤ ਸਿੰਘ ਗਗਨਦੀਪ ਕੌਰ ਹਰਜੀਤ ਸਿੰਘ ਸਚਦੇਵਾ ਸਰਜੋਤ ਸਿੰਘ ਸੁਖਜਿੰਦਰ ਸਿੰਘ ਪ੍ਰਿੰਸ ਜੇ ਜਸਪਾਲ ਸਿੰਘ ਢਿੱਲੋਂ ਵੀਪੀ ਬੰਟੀ ਜੀ ਮਨੋਹਰ ਸਿੰਘ ਸੈਣੀ ਅਤੇ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕੀਰਤਨ ਦੀ ਮਰਿਆਦਾ ਬਹਾਲ ਕਰਨ ਲਈ ਰਾਗੀ ਜੱਥਿਆਂ ਵੱਲੋਂ ਗੁਰਬਾਣੀ ਨਾਲ ਕੀਤੀ ਜਾ ਰਹੀ ਛੇੜਛਾੜ ਬਰਦਾਸ਼ਤ ਨਹੀਂ ਕੀਤੀ ਜਾਏਗੀ: ਜਸਪ੍ਰੀਤ ਸਿੰਘ ਕਰਮਸਰ

## ਫਿਲਮੀ ਧੁਨਾਂ ਜਾਂ ਗੁਰਬਾਣੀ ਨਾਲ ਛੇੜਛਾੜ ਕਰਨ ਵਾਲੇ ਰਾਗੀ ਜੱਥਿਆਂ ਨੂੰ ਨਹੀਂ ਕਰਨ ਦਿੱਤਾ ਜਾਏਗਾ ਕੀਰਤਨ

ਨਵੀਂ ਦਿੱਲੀ, 31 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਸੰਗਤਾਂ ਨੂੰ ਸੰਬੋਧਤ ਕਰਦੇ ਹੋਏ ਜਾਣਕਾਰੀ ਦਿੱਤੀ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਹੈਡ ਗ੍ਰੰਥੀ ਸਾਹਿਬਾਨ ਨਾਲ ਵਿਚਾਰ ਕਰਨ ਤੋਂ ਬਾਅਦ ਪ੍ਰਸਤਾਵ ਪਾਸ ਕੀਤਾ ਗਿਆ ਹੈ ਕਿ ਦਿੱਲੀ ਦੇ ਇਤਿਹਾਸਕ ਗੁਰਦੁਆਰਿਆਂ ਵਿੱਚ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਿਰਧਾਰਤ ਮਰਿਆਦਾ ਦੇ ਅਨੁਸਾਰ ਕੀਰਤਨ ਕਰਨ ਵਾਲੇ ਜੱਥਿਆਂ ਨੂੰ ਹੀ ਸਮਾਂ ਦਿੱਤਾ ਜਾਏਗਾ।



ਸ: ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਵੇਖਿਆ ਜਾ ਰਿਹਾ ਹੈ ਕਿ ਰਾਗੀ ਜੱਥਿਆਂ ਵੱਲੋਂ ਫ਼ਿਲਮੀ ਧੁਨਾਂ ਜਾਂ ਸੰਗੀਤ 'ਤੇ ਆਧਾਰਿਤ ਧੁਨ ਤਿਆਰ ਕਰਕੇ ਕੀਰਤਨ ਕੀਤਾ ਜਾ ਰਿਹਾ ਹੈ ਅਤੇ ਇਸ ਦੇ ਨਾਲ ਕੁਝ ਰਾਗੀ ਜੱਥੇ ਗੁਰਬਾਣੀ ਦੀ ਇੱਕ ਪੰਕਤੀ ਲੈ ਕੇ ਉਸਨੂੰ ਵਿਚਕਾਰ ਛੱਡ ਕੇ ਵਾਹਿਗੁਰੂ ਸਿਮਰਨ ਕਰਵਾਉਣ ਲਗਦੇ ਹਨ, ਫਿਰ ਦੂਜੀ ਪੰਕਤੀ ਲੈ ਕੇ ਕੀਰਤਨ ਸ਼ੁਰੂ ਕਰ ਦਿੰਦੇ ਹਨ ਜੋ ਕਿ ਮਰਿਆਦਾ ਦੇ ਉਲਟ ਹੈ। ਇਸ ਤੋਂ ਪਹਿਲਾਂ ਪੁਰਾਤਨ ਸਮੇਂ ਵਿੱਚ ਰਾਗਾਂ ਦੇ ਆਧਾਰ 'ਤੇ ਕੀਰਤਨ ਕੀਤਾ ਜਾਂਦਾ ਸੀ ਉਸੇ ਪੁਰਾਤਨ ਮਰਿਆਦਾ ਨੂੰ ਅਪਣਾਉਣ ਦੀ ਲੋੜ ਹੈ। ਜੇ ਸਮੇਂ ਸਿਰ ਇਹਨਾਂ ਨੂੰ ਰੋਕਿਆ ਨਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਜਿਵੇਂ ਸਿੱਖ ਇਤਿਹਾਸ ਨਾਲ ਛੇੜਛਾੜ ਹੋਈ ਹੈ ਉਸੇ ਤਰ੍ਹਾਂ ਗੁਰਬਾਣੀ ਨਾਲ ਵੀ ਛੇੜਛਾੜ ਹੁੰਦੀ ਚਲੀ ਜਾਏਗੀ।

ਸ: ਜਸਪ੍ਰੀਤ ਸਿੰਘ ਕਰਮਸਰ ਨੇ ਰਾਗੀ ਜੱਥਿਆਂ ਤੋਂ ਅਪੀਲ ਕੀਤੀ ਹੈ ਕਿ ਉਹਨਾਂ ਨੂੰ ਨਿਰਧਾਰਤ ਮਰਿਆਦਾ ਦੇ ਅਨੁਸਾਰ ਕੀਰਤਨ ਦੇ ਸਮੇਂ ਕੀਰਤਨ, ਕਥਾ ਦੇ ਸਮੇਂ ਕਥਾ ਕਰਨੀ ਚਾਹੀਦੀ ਹੈ ਅਤੇ ਨਾਮ ਸਿਮਰਨ ਲਈ ਅਲੱਗ ਤੋਂ ਸਮਾਂ ਦਿੱਤਾ ਜਾਏਗਾ। ਤਿੰਨੋਂ ਨੂੰ ਮਿਕਸ ਕਰਕੇ ਗੁਰਬਾਣੀ ਨਾਲ ਛੇੜਛਾੜ. ਨੂੰ ਜੋ ਕਲਚਰ ਰਾਗੀ ਜੱਥਿਆਂ ਨੇ ਸ਼ੁਰੂ ਕੀਤਾ ਹੈ ਉਸ ਨੂੰ ਤੁਰੰਤ ਪ੍ਰਭਾਵ ਨਾਲ ਰੋਕਣਾ ਹੋਵੇਗਾ। ਉਹਨਾਂ ਨੇ ਸੰਗਤ ਤੋਂ ਵੀ ਅਪੀਲ ਕੀਤੀ ਹੈ ਕਿ ਰਾਗੀ ਜੱਥਿਆਂ ਤੋਂ ਮਰਿਆਦਿਤ ਗੁਰਬਾਣੀ 'ਤੇ ਆਧਾਰਿਤ ਸ਼ਬਦ ਗਾਇਨ ਕਰਨ ਦੀ ਮੰਗ ਕੀਤੀ ਜਾਵੇ। ਉਹਨਾਂ ਕਿਹਾ ਕਿ ਅੱਜ ਵੀ ਬਹੁਤ ਸਾਰੇ ਰਾਗੀ ਜੱਥੇ ਅਜੇਹੇ ਹਨ ਜੋ ਰਾਗਾਂ 'ਤੇ ਆਧਾਰਿਤ ਕੀਰਤਨ ਕਰਦੇ ਹੋਏ ਸ਼੍ਰੀ ਅਕਾਲ ਤਖ਼ਤ ਸਾਹਿਬ ਦੀ ਨਿਰਧਾਰਤ ਮਰਿਆਦਾ ਦੇ ਹਿਸਾਬ ਨਾਲ ਕੀਰਤਨ ਕਰਦੇ ਹਨ, ਸੰਗਤਾਂ ਨੂੰ ਉਹਨਾਂ ਨੂੰ ਕੀਰਤਨ ਸਮਾਗਮਾਂ ਦੌਰਾਨ ਸਮਾਂ ਦੇਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM

### ਸਰਕਾਰੀ ਹਾਈ ਸਕੂਲ ਝੰਜੋਟੀ ਦੇ ਵਿਦਿਆਰਥੀਆਂ ਨੇ

# ਜ਼ੋਨ ਪੱਧਰੀ ਟੂਰਨਾਮੈਂਟ ਵਿੱਚ ਕੀਤਾ ਸ਼ਾਨਦਾਰ ਪ੍ਰਦਰਸ਼ਨ



**ਚੌਕ ਮਹਿਤਾ, 31 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਏ ਜਾ ਰਹੇ ਜੋਨ ਪੱਧਰੀ ਮੁਕਾਬਲਿਆਂ ਵਿੱਚ ਸਰਕਾਰੀ ਹਾਈ ਸਕੂਲ ਝੰਜੋਟੀ ਦੇ ਵਿਦਿਆਰਥੀਆਂ ਨੇ ਮੁੱਖ ਅਧਿਆਪਕਾ ਮੈਡਮ ਅਮਨਦੀਪ ਕੌਰ ਬਾਜਵਾ ਅਤੇ ਪ੍ਰਦੀਪ ਸਿੰਘ ਸਰੀਰਕ ਸਿੱਖਿਆ ਅਧਿਆਪਕ (ਕਬੱਡੀ ਕੋਚ) ਦੀ ਯੋਗ ਅਗਵਾਈ ਹੇਠ ਸਕੂਲ ਦੀਆਂ ਰੱਸਾਕਸ਼ੀ ਟੀਮਾਂ ਨੇ ਜੋਨਲ ਟੂਰਨਾਮੈਂਟ ਵਿੱਚ ਲੜਕੀਆਂ ਅੰਡਰ-14 ਵਿੱਚ ਪਹਿਲਾ ਸਥਾਨ , ਅੰਡਰ-17 ਵਿੱਚ ਦੂਸਰਾ ਸਥਾਨ ਪ੍ਰਾਪਤ ਕੀਤਾ ਹੈ। ਇਸੇ ਤਰ੍ਹਾਂ ਲੜਕਿਆਂ ਦੇ ਹੋਏ ਰੱਸਾਕਸ਼ੀ ਮੁਕਾਬਲੇ ਵਿੱਚ ਅੰਡਰ -14 ਵਿੱਚ ਦੂਸਰਾ ਸਥਾਨ ਅਤੇ ਅੰਡਰ-17 ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਕਬੱਡੀ ਨੈਸ਼ਨਲ ਸਟਾਈਲ ਲੜਕੀਆਂ ਅੰਡਰ-14 ਵਿੱਚ ਪਹਿਲਾ ਸਥਾਨ, ਅੰਡਰ-17 ਵਿੱਚ ਦੂਸਰਾ ਸਥਾਨ ਅਤੇ ਅੰਡਰ-19 ਵਿੱਚ ਵੀ ਦੂਸਰਾ ਸਥਾਨ ਹਾਸਲ ਕਰਕੇ ਝੰਜੋਟੀ ਸਕੂਲ ਦੀ ਬੱਲੇ ਬੱਲੇ ਕਰਵਾ ਦਿੱਤੀ। ਲੜਕਿਆਂ ਦੀ ਕਬੱਡੀ ਨੈਸ਼ਨਲ ਸਟਾਈਲ ਅੰਡਰ 19 ਵਿੱਚ ਦੂਸਰਾ ਸਥਾਨ, ਅੰਡਰ-17 ਵਿੱਚ ਤੀਸਰਾ ਸਥਾਨ ਅਤੇ ਅੰਡਰ -14 ਵਿੱਚ ਵੀ ਦੂਸਰਾ ਸਥਾਨ ਹਾਸਿਲ ਕੀਤਾ ਹੈ । ਇਸਦੀ ਜਾਣਕਾਰੀ ਦਿੰਦਿਆਂ ਝੰਜੋਟੀ ਸਕੂਲ ਦੇ ਸਰੀਰਕ ਸਿੱਖਿਆ ਅਧਿਆਪਕ ਤੇ ਕਬੱਡੀ ਕੋਚ ਪ੍ਰਦੀਪ ਸਿੰਘ, ਸਕੂਲ ਇੰਚਾਰਜ ਭੁਪਿੰਦਰ ਸਿੰਘ ਤੇ ਸਮੂਹ ਸਟਾਫ਼ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਅਜਨਾਲਾ ਜੋਨ ਦਾ ਓਵਰਆਲ ਚੈਂਪੀਅਨ ਝੰਜੋਟੀ ਸਕੂਲ ਬਣਿਆ ਹੈ ਅਤੇ ਝੰਜੋਟੀ ਸਕੂਲ ਦੇ ਕਰੀਬ 30 ਵਿਦਿਆਰਥੀ ਹੁਣ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਵਿੱਚ ਭਾਗ ਲੈਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਖੱਬੇਰਾਜਪੂਤਾਂ ਵਿਖ਼ੇ ਕਰੋੜਾ ਦੇ ਵਿਕਾਸ ਕੰਮ ਜੰਗੀ ਪੱਧਰ ਤੇ ਜਾਰੀ : ਚੇਅਰਮੈਨ ਰੰਧਾਵਾ

# ਵਿਕਾਸ ਕੰਮਾਂ ਨੂੰ ਲੈ ਕੇ 'ਆਪ' ਵਰਕਰਾਂ ਨੇ ਕੀਤੀ ਮੀਟਿੰਗ



**ਚੌਕ ਮਹਿਤਾ, 31 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਰਕੀਟ ਕਮੇਟੀ ਦੇ ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ ਅਤੇ ਸੀਨੀਅਰ ਆਗੂ ਹਰਜੀਤ ਸਿੰਘ ਮਹਿਤੀਆ ਦੀ ਅਗਵਾਈ ਵਿਚ ਅੱਜ ਪਿੰਡ ਖੱਬੇਰਾਜਪੂਤਾਂ ਦੇ ਆਪ ਵਰਕਰਾਂ ਵੱਲੋਂ ਇਕ ਅਹਿਮ ਮੀਟਿੰਗ ਕੀਤੀ ਗਈ। ਜਿਸ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਜਰੂਰੀ ਵਿਚਾਰ ਵਿਟਾਂਦਰਾ ਕੀਤਾ ਗਿਆ।

ਇਸ ਦੌਰਾਨ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ ਆਪਣੇ ਸਾਥੀਆਂ ਸਮੇਤ ਪਿੰਡ ਦੇ ਜੰਞ ਘਰ (ਧਰਮਸ਼ਾਲਾ) ਵਿਚ ਇੰਟਰਲਾਕ ਟਾਈਲਾਂ ਲੱਗਣ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਣ ਲਈ ਇਥੇ ਪੁੱਜੇ ਸਨ। ਉਨ੍ਹਾਂ ਕਿਹਾ ਕਿ ਇਸ ਜੰਞ ਘਰ ਨੂੰ ਪੈਲਸ ਦਾ ਰੂਪ ਦਿੱਤਾ ਜਾਵੇਗਾ, ਜਿਥੇ ਪਿੰਡ ਦੇ ਲੋਕ ਬੜੇ ਸਹਿਜਤਾ ਨਾਲ ਆਪਣੇ ਪ੍ਰੋਗਰਾਮ ਕਰ ਸਕਣਗੇ। ਉਨ੍ਹਾਂ ਨੇ ਆਖਿਆ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਦੀ ਰਹਿਨੁਮਾਈ ਹੇਠ ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਕਾਰਜ ਜੰਗੀ ਪੱਧਰ ਤੇ ਜਾਰੀ ਹਨ। ਉਨ੍ਹਾਂ ਨੇ ਦੱਸਿਆ ਕਿ ਸਾਡੇ ਪਿੰਡ ਖੱਬੇਰਾਜਪੂਤਾਂ ਦੀ ਡਿਸਪੈਂਸਰੀ ਦੀ ਨਵੀਂ ਇਮਾਰਤ ਅਤੇ ਪਿੰਡ ਨੂੰ ਆਉਂਦੀ ਸ਼ੜਕ ਦੇ ਉਪਰ ਡਰੇਨ ਦਾ ਪੁੱਲ ਉਸਾਰੀ ਅਧੀਨ ਹੈ, ਇਸ ਦੇ ਨਾਲ ਪਿੰਡ ਦੇ ਹੋਰ ਕੰਮ ਕਰੋੜਾਂ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤੇ ਗਏ ਹਨ। ਇਥੇ ਮੌਜੂਦ ਸੀਨੀਅਰ ਆਗੂ ਹਰਜੀਤ ਸਿੰਘ ਰੰਧਾਵਾ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮੰਤਰੀ ਈ. ਟੀ. ਓ. ਦੀ ਅਗਵਾਈ ਵਿਚ ਪੰਜਾਬ ਤਰੱਕੀ ਦੀ ਰਾਹ ਤੇ ਹੈ। ਉਨ੍ਹਾਂ ਦੱਸਿਆ ਕਿ ਸਾਡੇ ਪਿੰਡ ਖੱਬੇਰਾਜਪੂਤਾਂ ਵਿਖ਼ੇ ਜਿਥੇ ਵਿਕਾਸ ਦੇ ਕੰਮ ਪੂਰੇ ਜੋਰਾਂ ਤੇ ਚੱਲ ਰਹੇ ਹਨ, ਜਿਸ ਵਿਚ ਹੋਰਨਾਂ ਕੰਮਾਂ ਤੋਂ ਇਲਾਵਾ ਬਹਿਕਾਂ ਦੇ ਰਸਤੇ ਪੱਕੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਕਈ ਹੋਰ ਜਰੂਰੀ ਕੰਮਾਂ ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਮੌਕੇ ਸੀਨੀਅਰ ਆਗੂ ਕੰਵਲਜੀਤ ਸਿੰਘ ਕੇ.ਵੀ., ਡਾਇਰੈਕਟਰ ਅਮਰਬੀਰ ਸਿੰਘ ਬੱਲ, ਸਰਬਜੀਤ ਸਿੰਘ ਰੰਧਾਵਾ, ਬਾਬਾ ਜੋਗਿੰਦਰ ਸਿੰਘ, ਪ੍ਰਗਟ ਸਿੰਘ ਬੱਲ, ਅਵਤਾਰ ਮਸੀਹ, ਡਾ. ਸਰਦੂਲ ਸਿੰਘ ਵਿਰਕ, ਡਾ. ਮਨਜੀਤ ਸਿੰਘ, ਸੁਖਦੇਵ ਸਿੰਘ ਮੱਲੀ ,ਰੇਸ਼ਮ ਸਿੰਘ ਹਵੇਲੀਆਂ, ਬਲਗੇਰ ਸਿੰਘ ਹਵੇਲੀਆਂ, ਜਥੇ. ਪ੍ਰਗਟ ਸਿੰਘ ਮਹਿਤੀਆ, ਜਥੇ. ਅਮਰੀਕ ਸਿੰਘ ਮਹਿਤੀਆ, ਮੈਂਬਰ ਮੁਰਤਾ ਸਿੰਘ, ਜਗਤਾਰ ਸਿੰਘ, ਮਦਨ ਸਿੰਘ, ਮਨਜੀਤ ਸਿੰਘ, ਬਿੱਟੂ ਠੇਕੇਦਾਰ, ਸ਼ਿਵ ਸਿੰਘ, ਪ੍ਰਦੀਪ ਸਿੰਘ, ਤਰਸੇਮ ਸਿੰਘ, ਜਸਵੰਤ ਸਿੰਘ, ਗੱਗਣ ਬੁਟਰ, ਭਿੰਦਾ ਸਾਈਕਲ ਸਟੋਰ, ਬਲਜਿੰਦਰ ਸਿੰਘ ਬੁੱਟਰ ਤੋਂ ਇਲਾਵਾ ਹੋਰ ਵੀ ਪਿੰਡ ਵਾਸੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਂ ਦਾ ਦੁੱਧ ਬੱਚੇ ਲਈ ਵਰਦਾਨ ਹੈ: ਸਿਵਲ ਸਰਜਨ ਡਾ ਸੁਮੀਤ ਸਿੰਘ



**ਚੌਕ ਮਹਿਤਾ, 31 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਿਸ਼ਵ ਸਿਹਤ ਸੰਸਥਾ ਵਲੋ ਆਮ ਜਨਤਾ ਦੇ ਸਿਹਤ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਸਮੇ ਸਮੇ ਸਿਰ ਯਤਨ ਕੀਤੇ ਜਾਦੇ ਹਨ ।ਜਿਨ੍ਹਾਂ ਵਿੱਚ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਅਗਸਤ ਦੇ ਮਹੀਨੇ ਵਿਸ਼ੇਸ਼ ਵਰਕਸ਼ਾਪਾ ਲਗਾਈਆ ਜਾਦੀਆ ਹਨ ।ਇਸੇ ਕੜੀ ਵਜੋ ਦਫਤਰ ਸਿਵਲ ਸਰਜਨ ਵਿਖੇ ਸਿਵਲ ਸਰਜਨ ਡਾ ਸੁਮੀਤ ਸਿੰਘ ਵਲੋਂ ਬਰੈਸਟ ਫੀਡੀਂਗ ਵੀਕ ਜੋ ਕਿ ਮਿਤੀ 1 ਅਸਸਤ ਤੋਂ 7 ਅਗਸਤ 2024 ਤੱਕ ਮਨਾਇਆ ਜਾ ਰਿਹਾ, ਸੰਬਧੀ ਇੱਕ ਜਾਗ੍ਰਕਤਾ ਪੋਸਟਰ ਰਲੀਜ ਕੀਤਾ ਗਿਆ ।ਇਸ ਅਵਸਰ ਤੇ ਸੰਬੋਧਨ ਕਰਦਿਆ ਡਾ ਸੁਮੀਤ ਸਿੰਘ ਨੇ ਕਿਹਾ ਕਿ ਮਾਂ ਦਾ ਦੁਧ ਬੱਚੇ ਲਈ ਵਰਦਾਨ ਹੈ ਅਤੇ ਪ੍ਰਮਾਤਮਾ ਵਲੋ ਬਖਸ਼ੀ ਬਹੁ ਵੱਡੀ ਨਿਆਮਤ ਹੈ, ਜਿਸ ਦਾ ਕੋਈ ਵੀ ਮੇਲ ਨਹੀ ਹੈ, ਜਣੇਪੇ ਤੋ ਤੁਰੰਤ ਬਾਦ ਮਾਂ ਦਾ ਦੁੱਧ ਬਚੇ ਨੂੰ ਪਿਲਾਉਣਾ ਜਰੂਰੀ ਹੈ, ਪਹਿਲੇ 6 ਮਹਿਨੇ ਤਾਂ ਕੇਵਲ ਮਾ ਦਾ ਦੁੱਧ ਬਚੇ ਲਈ ਸਪੂੰਰਨ ਖੁਰਾਕ ਹੈ ।ਪਹਿਲਾ ਪਿਲਾ ਘਾੜਾ ਦੁੱਧ ਬੱਚੇ ਵਿੱਚ ਬਿਮਾਰੀਆ ਤੋ ਬਚਣ ਦਾ ਸੁਰਖਿਆ ਕਵਜ ਦਾ ਕੰਮ ਕਰਦਾ ਹੈ ।ਉਨਾਂ ਨੇ ਕਿਹਾ ਕਿ ਇਸ ਹਫਤੇ ਦੌਰਾਣ ਜਿਲ੍ਹੇ ਭਰ ਦੀਆਂ ਸਾਰੀਆਂ ਸਿਹਤ ਸੰਸ਼ਥਾਵਾਂ ਵਿਚ ਮਾਂ ਦੇ ਦੁੱਧ ਦੀ ਮੱਹਤਤਾ ਬਾਰੇ ਸੈਮੀਨਾਰ ਅਤੇ ਵਰਕਸ਼ਾਪਾਂ ਲਗਾ ਕੇ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਇਸਦੇ ਨਾਲ ਉਹਨਾਂ ਨੇ ਮਾਵਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚੇ ਨੂੰ ਤੰਦਰੁਸਤ ਰੱਖਣ ਲਈ ਮਾਂ ਦਾ ਦੁੱਧ ਜਰੂਰ ਪਿਲਾਉਣ। ਇਸ ਮੋਕੇ ਤੇ ਜਿਲਾ੍ਹ ਬੀ.ਸੀ.ਜੀ. ਅਫਸਰ ਡਾ ਮਨਮੀਤ ਕੌਰ ਨੇ ਦਸਿਆ ਕਿ ਮਾਂ ਦੇ ਦੁਧ ਦੀ ਤੁਲਨਾ ਕਿਸੇ ਵੀ ਗੈਰ ਕੁਦਰਤੀ ਖੁਰਾਕ ਨਾਲ ਨਹੀ ਕੀਤੀ ਜਾ ਸਕਦੀ ।ਜਿਹੜੀਆ ਮਾਵਾਂ ਬਚੇ ਨੂੰ ਆਪਣਾ ਦੁੱਧ ਪਿਲਾਉਦੀਆ ਹਨ ਉਨਾਂ ਦੇ ਬਚੇ ਬਹੁਤ ਘੱਟ ਬਿਮਾਰ ਹੁੰਦੇ ਹਨ। ਉਹਨਾਂ ਨੇ ਬੋਤਲ ਨਾਲ ਦੁੱਧ ਪਿਲਾਉਣ ਦੀ ਸਖਤ ਨਿਖੇਦੀ ਕੀਤੀ ਅਤੇ ਕਿਹਾ ਕਿ ਆਪਣਾ ਦੁੱਧ ਪਿਲਾਉਣ ਵਾਲੀਆ ਮਾਵਾ ਬਹੁਤ ਸਾਰੀਆ ਬਿਮਾਰੀਆ ਜਿਵੇ ਕਿ ਛਾਤੀ ਅਤੇ ਬਚੇਦਾਨੀ ਦਾ ਕੈਸਰ ਆਦੀ ਤੋ ਬੱਚ ਜਾਦੀਆ ਹਨ। ਇਸ ਮੋਕੇ ਤੇ ਜਿਲ੍ਹਾ ਸਿਹਤ ਅਫਸਰ ਡਾ ਜਸਪਾਲ ਸਿੰਘ, ਡਾ ਰਾਘਵ ਗੁਪਤਾ, ਜਿਲਾ੍ਹ ਐਮ.ਈ.ਆਈ.ਓ. ਅਮਰਦੀਪ ਸਿੰਘ, ਡਾ ਰਾਘਵ ਜੋਸ਼ੀ, ਸੁਪਡੈਂਟ ਸੰਜੀਵ ਕੁਮਾਰ, ਸੁਪਰਡੈਂਟ ਦਲਜੀਤ ਸਿੰਘ, ਜਿਲ੍ਹਾ ਅਕਾਂਓਂਟ ਅਫਸਰ ਮਲਵਿੰਦਰ ਸਿੰਘ, ਗੌਰਵ ਕੁਮਾਰ, ਤ੍ਰਿਪਤਾ ਕੁਮਾਰੀ ਅਤੇ ਸਮੂਹ ਸਟਾਫ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਨੇ ਸਿੱਖਿਆ ਖੇਤਰ ਨੂੰ ਜੀ ਐਸ ਟੀ ਦੇ ਘੇਰੇ ਵਿਚ ਲਿਆ ਕੇ ਬੱਚਿਆ ਦੇ ਮਾਪਿਆ ਉਪਰ ਬੇਲੋੜਾ ਬੋਝ ਪਾਇਆ:ਹਰਪਾਲ ਸਿੰਘ ਰਾਸਾ ਯੂ.ਕੇ.



**ਚੌਕ ਮਹਿਤਾ, 31 ਜੁਲਾਈ (ਬਾਬਾ ਸੁਖਵੰਤ ਸਿੰਘ)**-ਪਿਛਲੀਂ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਇਕ ਨੋਟੀਫਿਕੇਸ਼ਨ ਪੱਤਰ ਜਾਰੀ ਹੋਇਆ ਜਿਸ ਵਿਚ 18% ਜੀ ਐਸ ਟੀ ਲਗਾ ਕੇ ਸਕੂਲਾਂ ਨੂੰ ਪੱਤਰ ਜਾਰੀ ਕਰ ਦਿੱਤੇ ਹਨ ਇਹਨਾਂ ਸ਼ਬਦਾ ਦਾ ਪ੍ਰਗਟਾਵਾ ਸ੍ਰ ਹਰਪਾਲ ਸਿੰਘ ਯੂ. ਕੇ ਚੇਅਰਮੈਨ ਰਾਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਦੱਸਿਆ ਕਿ ਅੱਜ ਤੱਕ ਪਿਛਲੀਆ ਸਰਕਾਰਾਂ ਨੇ ਸਿੱਖਿਆ ਖੇਤਰ ਨੂੰ ਜੀ ਐਸ ਟੀ ਤੋਂ ਬਾਹਰ ਰਖਿਆ ਸੀ ਤਾਂ ਕਿ ਬੱਚਿਆਂ ਦਾ ਭਵਿੱਖ ਸੁਧਾਰ ਕੇ ਸਮਾਜ ਦੇ ਹਾਣੀ ਬਣਾਇਆ ਜਾਵੇ। ਪਰ ਸਰਕਾਰ ਨੇ ਗਲਤ ਫੈਸਲਾ ਕਰਕੇ ਪੰਜਾਬ ਦੇ ਸਕੂਲੀ ਬੱਚਿਆਂ ਤੇ ਹੋਰ ਬੋਝ ਪਾ ਦਿੱਤਾ ਹੈ। ਜਿਸ ਵਿਚ ਬੱਚੇ ਨੇ ਕਿਤਾਬਾਂ, ਕਾਪੀਆ, ਪੈਨ, ਪੈਂਨਸਿਲਾਂ, ਸਲਾਨਾ ਫੀਸਾਂ, ਬੋਰਡ ਫੀਸਾਂ ਅਤੇ ਹੋਰ ਬੱਚਿਆਂ ਦੇ ਸਕੂਲ ਨਾਲ ਸਬੰਧਿਤ ਸਮਾਨ ਤੇ 18% ਜੀ ਐਸ ਟੀ ਲਗਾ ਕੇ ਬੱਚਿਆਂ ਤੇ ਭਾਰੀ ਬੋਝ ਪਾ ਦਿੱਤਾ ਹੈ ਜਦੋਂਕਿ ਅੱਜ ਤੱਕ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਕਦੀ 18% ਜੀ ਐਸ ਟੀ ਨਹੀ ਵਸੂਲ ਕੀਤੀ ਜਾਂਦੀ ਸੀ। ਕਿਉਂਕਿ ਬੱਚਿਆਂ ਨੂੰ ਸਿੱਖਿਆ ਦੇਣਾ ਪੰਜਾਬ ਸਰਕਾਰ ਦਾ ਮੁੱਢਲਾ ਫਰਜ ਸੀ। ਪਰ ਹੁਣ ਇਸ ਨਾਲ ਬੱਚਿਆਂ ਦੇ ਮਾਪਿਆਂ ਤੇ ਬਹੁਤ ਬੋਝ ਪਏਗਾ। ਕਿਉਂਕਿ ਪੰਜਾਬ ਸਰਕਾਰ ਨੇ ਸਿੱਖਿਆ ਖੇਤਰ ਨੂੰ ਵੀ ਜੀ ਐਸ ਟੀ ਦੇ ਘੇਰੇ ਵਿਚ ਲਿਆ ਦਿੱਤਾ ਹੈ। ਇਕ ਪਾਸੇ ਆਪ ਸਰਕਾਰ ਕਹਿੰਦੀ ਹੈ ਕਿ ਬੱਚਿਆ ਨੂੰ ਮੁਫਤ ਵਿੱਦਿਆ ਦਿੱਤੀ ਜਾਵੇ ਤੇ ਇਕ ਪਾਸੇ ਜੀ.ਐਸ.ਟੀ. ਲਗਾਈ ਜਾ ਰਹੀ ਹੈ। ਪੰਜਾਬੀ ਵਿਚ ਇਕ ਕਹਾਵਤ ਹੈ ਕਿ ਵਿੱਦਿਆ ਵਿਚਾਰੀ ਤਾਂ ਪਰਉਪਕਾਰੀ। ਸੋ ਸਾਡੀ ਪੰਜਾਬ ਸਰਕਾਰ ਨੂੰ ਪੁਰਜੋਰ ਮੰਗ ਹੈ ਕਿ ਸਿੱਖਿਆ ਖੇਤਰ ਨੂੰ ਜੀ ਐਸ ਟੀ ਦੇ ਅਦਾਰੇ ਵਿਚੋਂ ਬਾਹਰ ਰੱਖਿਆ ਜਾਵੇ। ਤਾਂ ਕਿ ਆਮ ਬੱਚਾ ਵੀ ਚੰਗੀ ਵਿੱਦਿਆ ਪ੍ਰਾਪਤ ਕਰ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਬਣਵਾਉਣ ਸਬੰਧੀ ਹੋਰ ਸਮਾਂ ਵਧਾਉਣ ਦੀ ਮੰਗ

**ਅੰਮ੍ਰਿਤਸਰ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਸੀਂ ਭਾਈ ਅੰਮ੍ਰਿਤਪਾਲ ਸਿੰਘ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਖਡੂਰ ਸਾਹਿਬ ਤੇ ਭਾਈ ਸਰਬਜੀਤ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਫਰੀਦਕੋਟ ਦੀ ਤਰਫੋਂ ਆਪ ਜੀ ਨੂੰ ਇੱਕ ਵਫਦ ਦੇ ਰੂਪ ਵਿੱਚ ਮਿਲ ਕੇ ਪੁਰਜ਼ੋਰ ਮੰਗ ਕਰ ਰਹੇ ਹਾਂ ਕਿ ਸਿੱਖਾਂ ਦੀ ਮਿੰਨੀ ਪਾਰਲੀਮੈਂਟ ਵਜੋਂ ਜਾਣੀ ਜਾਂਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਹਾਊਸ ਦੀਆਂ ਚੋਣਾਂ ਜੋ ਕਿ ਪਿਛਲੇ ਲੰਬੇ ਅਰਸੇ ਭਾਵ ਕਰੀਬ 13 ਸਾਲਾਂ ਤੋਂ ਕਰਵਾਈਆਂ ਨਹੀਂ ਜਾ ਸਕੀਆਂ ਸਨ ਤੇ ਉਸ ਲਈ ਹੁਣ ਆਪ ਜੀ ਦੇ ਹੁਕਮਾਂ ਤਹਿਤ ਬਕਾਇਦਾ ਚੋਣ ਪ੍ਰਕਿਰਿਆ ਆਰੰਭੀ ਗਈ ਹੈ ਅਤੇ ਵੋਟਾਂ ਬਣਾਉਣ ਲਈ ਕੰਮ ਵੀ ਚੱਲ ਰਿਹਾ ਹੈ, ਜਿਸ ਵਿੱਚ ਹੋਰ ਸਮਾਂ ਵਧਾਏ ਜਾਣ ਦੀ ਲੋੜ ਹੈ, ਕਿਉਂਕਿ ਆਮ ਲੋਕਾਂ ਵਿੱਚ ਜਾਗਰੂਕਤਾ ਦੀ ਘਾਟ ਕਾਰਨ ਅਜੇ ਬਹੁਤ ਸਾਰੇ ਲੋਕ ਵੋਟਾਂ ਬਣਾਉਣ ਤੋਂ ਵਾਂਝੇ ਰਹਿ ਗਏ ਜਾਪਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਜ਼ਿਕਰਯੋਗ ਹੈ ਕਿ ਵਾਰ-ਵਾਰ ਵੋਟਾਂ ਬਣਾਉਣ ਲਈ ਤਾਰੀਖ ਵਧਾਉਣ ਦੇ ਬਾਵਜੂਦ ਵੀ ਸਿੱਖ ਵੋਟਰਾਂ ਵੱਲੋਂ ਸ਼ਾਇਦ ਕੋਈ ਬਹੁਤੀ ਦਿਲਚਸਪੀ ਨਹੀਂ ਵਿਖਾਈ ਗਈ ਤੇ ਇਸ ਬਾਬਤ ਜਾਗਰੂਕਤਾ ਦੀ ਘਾਟ ਮਹਿਸੂਸ ਹੋ ਰਹੀ ਹੈ, ਕਿਓਂਕਿ ਪ੍ਰਾਪਤ ਹੋ ਰਹੇ ਅੰਕੜਿਆਂ ਦੇ ਮੁਤਾਬਿਕ ਹੁਣ ਤੱਕ ਕਰੀਬ ਸਾਢੇ 27 ਲੱਖ ਵੋਟਾਂ ਹੀ ਬਣ ਸਕੀਆਂ ਦੱਸੀਆਂ ਜਾ ਰਹੀਆਂ ਹਨ ,ਜਦਕਿ ਸੰਨ੍ਹ 2011 ਦੇ ਦੌਰਾਨ ਇਹੀ ਵੋਟਾਂ ਦੀ ਗਿਣਤੀ 55 ਲੱਖ ਦੇ ਕਰੀਬ ਸੀ। ਸੋ ਅਸੀਂ ਆਪ ਜੀ ਨੂੰ ਬੇਨਤੀ ਕਰਦੇ ਹਾਂ ਕਿ ਵੋਟਾਂ ਬਣਾਉਣ ਦੀ ਆਖਰੀ ਤਾਰੀਖ ਆਪ ਜੀ ਵੱਲੋਂ ਜੋ 31 ਜੁਲਾਈ 2024 ਤੈਅ ਕੀਤੀ ਗਈ ਹੈ ਤੇ ਅਸੀਂ ਆਪ ਜੀ ਨੂੰ ਇਹ ਬੇਨਤੀ ਕਰਨਾ ਚਾਹੁੰਦੇ ਹਾਂ ਕਿ ਇਹ ਤਾਰੀਖ ਘੱਟੋ- ਘੱਟ 2 ਮਹੀਨੇ ਲਈ ਹੋਰ ਵਧਾ ਦਿੱਤੀ ਜਾਵੇ ਤਾਂ ਜੋ ਅਸੀਂ ਇੱਕ ਵਾਰ ਆਪਣੇ ਤੌਰ 'ਤੇ ਸਿੱਖ ਵੋਟਰਾਂ ਨੂੰ ਜਾਗਰੂਕ ਕਰਕੇ ਉਨ੍ਹਾਂ ਦੇ ਵਿੱਚ ਵੋਟਾਂ ਬਣਾਉਣ ਸਬੰਧੀ ਉਤਸ਼ਾਹ ਪੈਦਾ ਕਰਕੇ ਹੋਰ ਵੋਟਾਂ ਬਣਵਾ ਸਕੀਏ, ਕਿਓਂਕਿ ਅਜਿਹਾ ਕਰਨਾ ਸਮੇਂ ਦੀ ਲੋੜ ਹੈ।



ਅਸੀਂ ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਆਪ ਜੀ ਸਾਡੀ ਇਸ ਬੇਨਤੀ ਨੂੰ ਜ਼ੂਰ ਸਵੀਕਾਰ ਕਰੋ ਤਾਂ ਜੋ ਸਿੱਖ ਵੋਟਰਾਂ ਦੀਆਂ ਵੋਟਾਂ ਦੀ ਗਿਣਤੀ ਨੂੰ ਹੋਰ ਵਧਾਇਆ ਜਾ ਸਕੇ ਤੇ ਆਉਣ ਵਾਲੇ ਸਮੇਂ ਦੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਹਾਊਸ ਦੀਆਂ ਆਮ ਚੋਣਾਂ ਨੂੰ ਕਰਵਾਉਣ ਲਈ ਅੱਗੇ ਵਧਿਆ ਜਾ ਸਕੇ । ਸਾਨੂੰ ਪੂਰਨ ਆਸ ਹੈ ਕਿ ਆਪ ਜੀ ਸਾਡੀ ਬੇਨਤੀ ਨੂੰ ਜ਼ੂਰ ਸਵੀਕਾਰ ਕਰੋਗੇ। ਇਸ ਮੌਕੇ ਸ.ਪਰਮਜੀਤ ਸਿੰਘ ਜੌਹਲ ਸ. ਚਰਨਦੀਪ ਸਿੰਘ ਭਿੰਡਰ, ਸ.ਦਲਜੀਤ ਸਿੰਘ ਜਵੰਦਾ , ਸ. ਹਰਪ੍ਰੀਤ ਸਿੰਘ ਰੱਤਾ, ਸ. ਸਤਵਿੰਦਰ ਸਿੰਘ ਜੌਹਲ , ਸ. ਦਵਿੰਦਰ ਸਿੰਘ ਹਰੀਏਵਾਲ ਆਦਿ ਹਾਜ਼ਰ ਸਨ।

ਪੰਜਾਬੀ ਐਡਵੈਂਚਰਜ਼ ਕਲੱਬ ਬਠਿੰਡਾ ਵੱਲੋਂ

# ਮਹੀਨਾਵਾਰ ਰਾਈਡ ਦਾ ਆਯੋਜਨ





**ਬਠਿੰਡਾ, 31 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਐਡਵੈਂਚਰਰਜ਼ ਅਤੇ ਕ੍ਰਿਸ਼ਨਾ ਆਟੋਮੋਬਾਈਲਜ਼ ਵੱਲੋਂ ਬਠਿੰਡਾ ਤੋਂ ਪੀਕੇਐਸ ਇੰਟਰਨੈਸ਼ਨਲ ਸਕੂਲ ਬੱਲੂਆਣਾ ਤੱਕ ਮਹੀਨਾਵਾਰ ਰਾਈਡ ਲਾਈ ਗਈ। ਇਸ ਸਾਈਕਲ ਨੂੰ ਕ੍ਰਿਸ਼ਨਾ ਆਟੋਮੋਬਾਈਲਜ਼ ਵੱਲੋਂ ਕਲੱਬ ਦੇ ਸੀਨੀਅਰ ਰਾਈਡਰ ਬਿਕਰਮਜੀਤ ਸਿੰਘ ਬਾਹੀਆ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਹ ਸਵਾਰੀ ਕ੍ਰਿਸ਼ਨਾ ਆਟੋਮੋਬਾਈਲਜ਼ ਤੋਂ ਸ਼ੁਰੂ ਹੋ ਕੇ ਗੁਰਮੁਖੀ ਚੌਕ, ਹਾਜ਼ੀਰਤਨ ਚੌਕ, ਬੱਸ ਸਟੈਂਡ, ਸ਼ਹੀਦ ਨੰਦ ਸਿੰਘ ਚੌਕ, ਹਨੂੰਮਾਨ ਚੌਕ, ਬਾਬਾ ਨਾਮਦੇਵ ਚੌਕ, ਰੋਜ਼ ਗਾਰਡਨ, ਭਾਈ ਘਨ੍ਹਈਆ ਚੌਕ ਅਤੇ ਥਰਮਲ ਤੋਂ ਹੁੰਦੀ ਹੋਈ ਪਿੰਡ ਬੱਲੂਆਣਾ ਸਥਿਤ ਪੀਕੇਐੱਸ ਇੰਟਰਨੈਸ਼ਨਲ ਸਕੂਲ ਪਹੁੰਚੀ।ਸਕੂਲ ਪਹੁੰਚਣ ’ਤੇ ਚੇਅਰਮੈਨ ਡਾ. ਮਹਿੰਦਰ ਸਿੰਘ ਭੋਲਾ, ਧਰਮਿੰਦਰ ਸਿੰਘ ਅਤੇ ਪ੍ਰਭਦੀਪ ਸਿੰਘ ਵੱਲੋਂ ਰਾਈਡ ਦਾ ਨਿੱਘਾ ਸਵਾਗਤ ਕੀਤਾ ਗਿਆ।




ਮੰਚ ਸੰਚਾਲਨ ਕਰ ਰਹੇ ਡਾ. ਪ੍ਰਦੀਪ ਕੌੜਾ ਨੇ ਕਿਹਾ ਕਿ ਸਵਾਰੀ ਸਿਰਫ਼ ਸਾਈਕਲ ਚਲਾਉਣਾ ਨਹੀਂ ਸਗੋਂ ਜੀਵਨ ਜਿਊਣ ਦੀ ਕਲਾ ਹੈ। ਉਹਨਾਂ ਕਿਹਾ ਕਿ ਸਾਨੂੰ ਤੇਜ਼ ਰਫ਼ਤਾਰ ਜ਼ਿੰਦਗੀ ਵਿੱਚੋਂ ਆਪਣੇ ਲਈ ਸਮਾਂ ਕੱਢਣਾ ਚਾਹੀਦਾ ਹੈ ਅਤੇ ਉਨ੍ਹਾਂ ਪਲਾਂ ਦੀ ਕਦਰ ਕਰਨੀ ਚਾਹੀਦੀ ਹੈ ਜੋ ਸਾਨੂੰ ਕਿਸੇ ਵੀ ਕੀਮਤ ’ਤੇ ਦੁਬਾਰਾ ਨਹੀਂ ਮਿਲਣਗੇ। ਡਾ. ਮਹਿੰਦਰ ਸਿੰਘ ਭੋਲਾ ਨੇ ਸਵਾਗਤੀ ਸ਼ਬਦਾਂ ਵਿਚ ਕਿਹਾ ਕਿ ਉਹ ਇਸ ਨਾਲ ਜੁੜ ਕੇ ਬਹੁਤ ਖੁਸ਼ ਹਨ। ਅੱਜ ਉਸ ਦੇ ਆਪਣੇ ਕਲੱਬ ਦੇ ਮੈਂਬਰ ਵੱਡੀ ਗਿਣਤੀ ਵਿੱਚ ਉਸ ਦੇ ਸਕੂਲ ਪਹੁੰਚੇ ਇਹ ਬਹੁਤ ਮਜ਼ੇਦਾਰ ਸਮਾਂ ਹੈ। ਇਸ ਤੋਂ ਬਾਅਦ ਰੇਡਰਾਂ ਨੂੰ ਸਨਮਾਨਿਤ ਕੀਤਾ ਗਿਆ। ਤਿੰਨ ਮਹੀਨੇ ਚੱਲੇ ਇਸ ਐਫ.ਆਰ.ਐਚ.ਆਰ ਚੈਲੇਂਜ ਵਿੱਚ ਪੁਰਸ਼ਾਂ ਦੇ ਵਰਗ ਵਿੱਚ ਪਹਿਲਾ ਸਥਾਨ ਜਸਪਾਲ ਸੰਧੂ ਅਤੇ ਦੂਸਰਾ ਭੁਪਿੰਦਰ ਸਿੰਘ ਮਾਨ ਨੇ ਪ੍ਰਾਪਤ ਕੀਤਾ। ਔਰਤਾਂ ਦੇ ਵਰਗ ਵਿੱਚ ਪਹਿਲਾ ਸਥਾਨ ਅਮਨਪ੍ਰੀਤ ਕੌਰ ਰਾਮਗੜ੍ਹੀਆ ਨੇ ਪ੍ਰਾਪਤ ਕੀਤਾ ਅਤੇ ਸ਼ਬੀਨਾ ਬਰਾੜ ਦੂਜੇ ਸਥਾਨ ’ਤੇ ਰਹੀ। ਜੇਤੂਆਂ ਨੂੰ ਪ੍ਰਬੰਧਕਾਂ ਵੱਲੋਂ ਟਰਾਫੀਆਂ ਅਤੇ ਸਰਟੀਫਿਕੇਟ ਅਤੇ ਕੇਸਟਰਲ ਵੱਲੋਂ ਗਿਫਟ ਹੈਂਪਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੈਸਟਰੋਲ ਤੋਂ ਪਵਨ ਕੱਕੜ, ਆਲ ਇੰਡੀਆ ਰੇਡੀਓ ਤੋਂ ਵਿਜੇ ਲਕਸ਼ਮੀ ਅਤੇ ਕ੍ਰਿਸ਼ਨਾ ਆਟੋਮੋਬਾਈਲਜ਼ ਤੋਂ ਵਿਕਰਮ ਗਰਗ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ।ਇਸ ਰਾਈਡ ਵਿੱਚ ਜਸਵੰਤ ਕੌਸ਼ਿਕ, ਜਸਵਿੰਦਰ ਬਰਾੜ, ਫਤਿਹਪਾਲ ਸਿੰਘ ਮੱਲ੍ਹੀ, ਬਲਵਿੰਦਰ ਬਾਵਾ, ਬਿਕਰਮਜੀਤ ਸਿੰਘ ਬਾਹੀਆ, ਮਨਪ੍ਰੀਤ ਅਰਸ਼ੀ, ਸੰਨੀ ਜੌੜਾ, ਨਰੇਸ਼ ਪਠਾਨੀਆ, ਯਾਦਵਿੰਦਰ ਸਿੰਘ ਯਾਦੀ, ਅਮਰਦੀਪ ਸਿੰਘ, ਅਨੀਸ਼ ਗਾਰਗੀ, ਡਿਪਟੀ ਜੈਨ, ਬੇਅੰਤ ਸਿੰਘ, ਯੋਗੇਸ਼ ਬਾਂਸਲ, ਸ਼ਬੀਨਾ ਸ਼ਾਮਲ ਸਨ। ਇਸ ਮੌਕੇ ਪ੍ਰਦੀਪ ਕੌਰ, ਅਮਰਜੋਤ ਸ਼ਰਮਾ, ਅਜੈ ਸੈਣੀ, ਧਰਮਿੰਦਰ ਸਿੰਘ, ਅਵਤਾਰ ਮਾਨ, ਗਗਨਦੀਪ ਗਰਗ, ਸਮਰਾਟ ਸ਼ਰਮਾ, ਪ੍ਰਭਦੀਪ ਸਿੰਘ, ਵਿਜੇ ਚਲਾਨਾ, ਪੰਕਜ ਬਾਂਸਲ, ਮਨਦੀਪ ਸਿੰਘ, ਹਰਮਨਦੀਪ ਸਿੰਘ, ਸ਼ੰਮੀ ਸੈਣੀ, ਵਿਸ਼ਨੂੰ, ਹਨੀ ਸਿੰਗਲਾ, ਹਰਪ੍ਰੀਤ ਸਿੰਘ ਭੁੱਚੋ, ਸ਼ਿਵੰਦਰ ਸਿੰਘ, ਡੀ.ਕੇ.ਇੰਦਰਾ, ਅਰੁਣ ਕੁਮਾਰ, ਹਰਕੀਰਤ ਸਿੰਘ, ਗੁਰਜੰਟ ਸਿੰਘ ਨਥੇਹਾ, ਜਸਦੀਪ ਸਿੰਘ ਸੋਹਲ, ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਨਵਪ੍ਰੀਤ ਸਰਾਂ, ਲਵਜੀਤ ਸਿੰਘ ਧਾਲੀਵਾਲ, ਸੁਖਪਿੰਦਰ ਸਿੰਘ, ਸ਼ਾਰੂ ਗਰਗ, ਪ੍ਰਵੀਨ ਸ਼ਰਮਾ, ਜਤਿੰਦਰ ਸ਼ਰਮਾ, ਜਸ਼ਨ ਸਿੰਘ, ਗੁਰਮੀਤ ਸਿੰਘ ਸਿੱਧੂ, ਡਾ. ਕਪਿਲ ਕੁਮਾਰ, ਅਮਨਦੀਪ ਸਿੰਘ, ਵਿਸ਼ਾਲ, ਹਰਮੀਤ ਸਿੰਘ, ਦਵਿੰਦਰ ਸਿੰਘ, ਰਜਿੰਦਰ ਸਿੰਘ, ਬਾਬੂ ਸਿੰਘ ਤਲਵੰਡੀ ਸਾਬੋ, ਬਾਬਾ ਬਲਜੀਤ ਸਿੰਘ, ਪ੍ਰਦੀਪ ਕੁਮਾਰ, ਭੀਸ਼ੇਕ ਸ਼ਰਮਾ, ਉਦੈ ਚੌਹਾਨ, ਤਲਵਿੰਦਰ ਕੰਗ, ਸੁਖਵਿੰਦਰ ਸਿੰਘ, ਰਾਜਵਿੰਦਰ ਸਿੰਘ, ਲਵ ਮਾਨ, ਜਸਕਰਨ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਜਲ੍ਹਿਆਂ ਵਾਲੇ ਬਾਗ ਦੇ ਕਤਲੇਆਮ ਦਾ ਬਦਲਾ

# ਊਧਮ ਸਿੰਘ ਜੀ ਨੇ ਜਨਰਲ ਡਾਇਰ ਨੂੰ ਗੋਲੀਆਂ ਮਾਰ ਕੇ ਲਿਆ : ਡਾ: ਕਿਸ਼ਨਪੁਰੀ




**ਜੰਡਿਆਲਾ ਗੁਰੂ, 31 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਅੱਜ ਕੰਬੋਜ ਸਮਾਜ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਕਿਰਪਾਲ ਸਿੰਘ ਰਾਮਦਿਵਾਲੀ ਅਤੇ ਸਕੱਤਰ ਡਾ. ਮੰਗਲ ਸਿੰਘ ਕਿਸ਼ਨਪੁਰੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਕੰਬੋਜ ਸਮਾਜ ਅੰਮ੍ਰਿਤਸਰ ਦੇ ਅਹੁਦੇਦਾਰ ਅਤੇ ਮੈਂਬਰਾਂ ਨੇ ਜਲ੍ਹਿਆਂ ਵਾਲੇ ਬਾਗ ਵਿੱਚ ਸ਼ਹੀਦ ਊਧਮ ਸਿੰਘ ਜੀ ਨੂੰ ਉਹਨਾਂ ਦੀ ਸ਼ਹੀਦੀ ਦਿਹਾੜੇ ਤੇ ਸ਼ਰਧਾਂਜਲੀ ਭੇਟ ਕੀਤੀ ।ਸ਼ਹੀਦ ਊਧਮ ਸਿੰਘ ਜਿਨ੍ਹਾਂ ਨੇ ਆਪਣੇ ਦੇਸ਼ ਦੇ ਸਵੈਮਾਣ ਲਈ ਤੇ ਜਲ੍ਹਿਆਂ ਵਾਲੇ ਬਾਗ ਦੇ ਕਤਲੇਆਮ ਦਾ ਬਦਲਾ ਲੈਣ ਲਈ ਕੰਗਸਟਨ ਹਾਲ ਇੰਗਲੈਂਡ ਵਿੱਚ ਜਨਰਲ ਡਾਇਰ ਨੂੰ ਗੋਲੀਆਂ ਮਾਰ ਕੇ ਲਿਆ ਸੀ ।ਅਜਿਹੇ ਯੋਧੇ ਤੇ ਕੰਬੋਜ ਸਮਾਜ ਫਖ਼ਰ ਮਹਿਸੂਸ ਕਰਦਾ ਹੈ । ਇਸ ਲਈ ਹਰ ਸਾਲ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਅਤੇ ਜਨਮ ਦਿਨ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਜਾਂਦਾ ਹੈ। ਅੱਜ ਜਲ੍ਹਿਆਂ ਵਾਲੇ ਬਾਗ ਵਿੱਚ ਹੋਰਨਾਂ ਤੋਂ ਇਲਾਵਾ ਸਰਦਾਰ ਹਰਦੀਪ ਸਿੰਘ ਨਵਾਂ ਪਿੰਡ, ਸਰਦਾਰ ਮਲਕੀਅਤ ਸਿੰਘ ਵੱਲਾ, ਪ੍ਰਹਲਾਦ ਸਿੰਘ, ਨਰਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਤੋਂ ਇਲਾਵਾ ਬਹੁਤ ਸਾਰੇ ਸੱਜਣਾਂ ਨੇ ਭਾਗ ਲਿਆ ਤੇ ਸ਼ਹੀਦ ਦੇ ਬੁੱਤ ਤੇ ਫੁੱਲਾਂ ਦੇ ਹਾਰ ਪਾ ਕੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ । ਇਸ ਮੌਕੇ ਤੇ ਹਰਦੀਪ ਸਿੰਘ ਨਵਾਂ ਪਿੰਡ ਨੇ ਸ਼ਹੀਦ ਦੇ ਬੁੱਤ ਨੂੰ ਜਲ੍ਹਿਆਂ ਵਾਲੇ ਬਾਗ ਵਿੱਚ ਸਨਮਾਨਯੋਗ ਜਗ੍ਹਾ ਦੇਣ ਦੀ ਸਰਕਾਰ ਤੋਂ ਮੰਗ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਖ਼ੂਨਦਾਨ ਕਰਨ ਵਾਲੀਆਂ ਸ਼ਖਸੀਅਤਾਂ ਦਾ ਕੀਤਾ ਗਿਆ ਸਨਮਾਨ





ਪਿਛਲੇ ਦਿਨੀ ਨਿਊ ਮਾਝਾ ਪ੍ਰੈਸ ਕਲੱਬ ਵੱਲੋਂ ਦਸਮੇਸ਼ ਹੈਰੀਟੇਜ ਸਕੂਲ ਚੌਕ ਮਹਿਤਾ ਦਮਦਮੀ ਟਕਸਾਲ ਦੇ ਮੁੱਖੀ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੀ ਰਹਿਨੁਮਾਈ ਹੇਠ ਥੈਲੇਸੀਮੀਆ- ਬਿਮਾਰੀਆਂ ਤੋਂ ਪੀੜਿਤ ਬੱਚਿਆਂ ਲਈ ਖ਼ੂਨ ਦਾਨ ਕੈਂਪ ਲਗਾਇਆ ਸੀ ਉਸ ਵਿੱਚ ਸਮਾਜ ਸੇਵੀ ਸ ਬਲਜਿੰਦਰ ਸਿੰਘ ਬਹਿਰੀਨ ਅਤੇ ਪਰਮਿੰਦਰ ਸਿੰਘ ਬੰਮਰਾਹ ਖ਼ੂਨ ਦੇਣ ਬਾਦ ਸਾਰੇ ਪੱਤਰਕਾਰਾ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕਰਦੇ ਹੋਏ। **(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

ਆਵਾਜ਼ਿ ਕੌਮ AWAZE QAUM International Newspaper & WEB TV

# ਨਹੀਂ ਰਹੇ ਗਾਇਕ ਸੋਨੂੰ ਸਿੰਘ



**ਚੌਕ ਮਹਿਤਾ, 31 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਗੀਤਕ ਹਲਕਿਆਂ ਵਿੱਚ ਇਹ ਖਬਰ ਬੜੇ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਪੰਜਾਬੀ ਗਾਇਕ ਸੋਨੂੰ ਸਿੰਘ ਦੀ ਅੱਜ ਅਚਾਨਕ ਮੌਤ ਹੋ ਗਈ ।ਬੁਲੰਦ ਅਤੇ ਸੁਰੀਲੀ ਅਵਾਜ਼ ਦੇ ਮਾਲਕ ਸੋਨੂੰ ਸਿੰਘ ਦੇ ਪਿਛਲਿਆਂ ਸਮਿਆਂ ਵਿੱਚ ਗਾਇਕਾ ਕਿਰਨ ਬੇਦੀ ਨਾਲ ਗੀਤ “ਸੰਨੀ ਦਿਉਲ ਦੇ ਵਾਂਗੂੰ ਮੈਂ ਵੀ ਗਦਰ ਮਚਾਦੂਗਾਂ” ਚਰਚਿਤ ਹੋਇਆ ਸੀ ।ਉਸਨੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਮਾਗਮਾਂ ਵਿਚ ਵੀ ਕਈ ਵਾਰ ਆਪਣੀ ਕਲਾ ਦਾ ਮੁਜਾਹਰਾ ਕੀਤਾ ।ਪਰ ਪਿਛਲੇ ਲੰਬੇ ਸਮੇਂ ਤੋਂ ਉਹ ਖਾਮੋਸ਼ ਸੀ, ਤੰਗੀਆਂ ਤੁਰਸ਼ੀਆਂ ਜਾਂ ਘਰ ਦੇ ਹਾਲਾਤ ਖੋਰੇ ਕਿਹੜੇ ਹਾਲਾਤਾਂ ਵਿਚ ਵਿਚਰਦਾ ਰਿਹਾ ।ਪਰ ਅੱਜ ਉਸਦੇ ਤੁਰ ਜਾਣ ਦੀ ਉਦਾਸ ਖ਼ਬਰ ਆਈ ਹੈ ।ਉਸਦਾ ਅੱਜ ਬਾਅਦ ਦੁਪਿਹਰ ਰਈਆ ਦੇ ਸ਼ਮਸ਼ਾਨਘਾਟ ਵਿਖੇ ਅੰਤਿਮ ਸਸਕਾਰ ਕਰ ਦਿੱਤਾ ਗਿਆ ।ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਸੀਨੀਅਰ ਮੀਤ ਪ੍ਰਧਾਨ ਮੱਖਣ ਭੈਣੀਵਾਲਾ, ਬਖਸ਼ੀ ਠਾਣੇਵਾਲ, ਗਾਇਕ ਦਲਵਿੰਦਰ ਦਿਆਲਪੁਰੀ, ਗੁਰਮੇਜ ਸਹੋਤਾ, ਸ਼ੰਮੀ ਖਾਨ, ਸੁਖਦੇਵ ਸੇਠੀ, ਲਖਵਿੰਦਰ ਕੋਟੀਆ, ਗੁਰਦਿਆਲ ਰੁਮਾਣਾ ਚੱਕੀਆ, ਮਨਪ੍ਰੀਤ ਸ਼ੇਰਗਿੱਲ, ਨਿਸ਼ਾਨਚੀ ਵਾਲਾ, ਗੀਤਕਾਰ ਨਿੱਕੂ ਸਫਰੀ, ਐਂਕਰ ਕਾਬਲ ਖਡੂਰ ਸਾਹਿਬ, ਗਾਇਕਾ ਕਿਰਨ ਬੇਦੀ, ਗੁਰਮੇਲ ਜੋਧਾ, ਸੁਖਦੇਵ ਗਿੱਲ ਵੀਡੀਓ ਡਾਇਰੈਕਟਰ, ਅਮਰ ਨਿਮਾਣਾ, ਮੰਨੂੰ ਭੱਟੀ, ਮੰਗਾ ਢੋਲੀ ਸੇਵਨ ਟੀ ਸਾਗਰ, ਰਛਪਾਲ ਸਿੰਘ ਗੁਰੂ ਨਾਨਕ ਡਰਾਈਕਲੀਨ ਅਤੇ ਹੋਰ ਸਖਸ਼ੀਅਤਾਂ ਇਸ ਮੌਕੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਐਸ ਐਮ ਓ ਸਿਵਲ ਹਸਪਤਾਲ ਡਾ: ਮਦਨ ਮੋਹਨ ਹੋਏ ਸੇਵਾ ਮੁਕਤ



**ਚੌਕ ਮਹਿਤਾ, 31 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਹਸਪਤਾਲ ਅੰਮ੍ਰਿਤਸਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਮਦਨ ਮੋਹਨ ਦੀ ਸੇਵਾ ਮੁਕਤੀ ਤੇ ਵਿਦਾਇਗੀ ਪਾਰਟੀ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਵੱਲੋਂ ਦਿੱਤੀ ਗਈ। ਇਸ ਮੌਕੇ ਤੇ ਸਿਵਲ ਸਰਜਨ ਅੰਮ੍ਰਿਤਸਰ ਡਾਕਟਰ ਸੁਮੀਤ ਸਿੰਘ ਗਿੱਲ, ਸਹਾਇਕ ਸਿਵਲ ਸਰਜਨ ਡਾਕਟਰ ਰਜਿੰਦਰ ਪਾਲ ਕੌਰ, ਡਾਕਟਰ ਨੀਲਮ ਭਗਤ, ਸਿਵਲ ਹਸਪਤਾਲ ਅੰਮ੍ਰਿਤਸਰ ਦੇ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ਼ ਡਾਕਟਰ ਪ੍ਰੀਤ ਵੀਨ ਕੌਰ ਸੰਧੂ, ਫੂਡ ਕਮਿਸ਼ਨਰ ਸ੍ਰੀ ਰਜਿੰਦਰ ਪਾਲ ਸਿੰਘ, ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ,ਸੀਨੀਅਰ ਮੀਤ ਪ੍ਰਧਾਨ ਕਮਲਜੀਤ ਕੌਰ, ਜਸਬੀਰ ਕੌਰ, ਸ੍ਰੀਮਤੀ ਅਮਨਦੀਪ ਕੌਰ ਭੌਮਾ, ਪਾਰਟੀ ਦੇ ਜਨਰਲ ਸਕੱਤਰ ਸ੍ਰੀ ਸੰਜੀਵ ਆਨੰਦ ਚੀਫ਼ ਫਾਰਮੇਸੀ ਅਫ਼ਸਰ, ਜ਼ਿਲ੍ਹਾ ਪ੍ਰਧਾਨ ਰਘੂ ਤਲਵਾੜ ਅਤੇ ਸਟੇਟ ਪ੍ਰਧਾਨ ਅਚਾਰੀਆ ਗੁਰੂ ਮੀਤ ਰਾਜਪ੍ਰੋਹਿਤ ਨੇ ਡਾਕਟਰ ਮਦਨ ਮੋਹਨ ਨੂੰ ਤਹਿ ਦਿਲੋਂ ਧੰਨਵਾਦ ਸਹਿਤ ਨਿੱਘੀ ਵਿਦਾਇਗੀ ਪਾਰਟੀ ਦਿੱਤੀ। ਇਸ ਮੌਕੇ ਤੇ ਆਚਾਰੀਆ ਗੁਰੂ ਮੀਤ ਰਾਜਪ੍ਰੋਹਿਤ ਨੇ ਅਤੇ ਜਨਰਲ ਸਕੱਤਰ ਸ੍ਰੀ ਸੰਜੀਵ ਆਨੰਦ ਨੇ ਆਏ ਮਹਿਮਾਨਾਂ ਨੂੰ ਅਤੇ ਮੁੱਖ ਮਹਿਮਾਨ ਡਾਕਟਰ ਮਦਨ ਮੋਹਨ ਨੂੰ ਜੀ ਆਇਆਂ ਨੂੰ ਕਿਹਾ ਅਤੇ ਬਾਕੀ ਮਹਿਮਾਨਾਂ ਦਾ ਵੀ ਸਨਮਾਨ ਕੀਤਾ। ਗੌਰ ਤਲਬ ਹੈ ਕਿ ਡਾਕਟਰ ਮਦਨ ਮੋਹਨ ਨੂੰ 58 ਸਾਲ ਉਮਰ ਪੂਰੀ ਹੋਣ ਉਪਰੰਤ ਸਰਕਾਰੀ ਸੇਵਾਵਾਂ ਤੋਂ ਭਾਰ ਮੁਕਤ ਕਰ ਦਿੱਤਾ ਗਿਆ। ਡਾਕਟਰ ਮਦਨ ਮੋਹਨ ਨੇ ਆਪਣੇ ਕਾਰਜਕਾਲ ਦੇ ਦੌਰਾਨ ਜ਼ੀਰੋ ਟਾਲਰੈਂਸ ਅੰਗੇਸਟ ਕਰੱਪਸ਼ਨ ਨੂੰ ਪੂਰੇ ਹਸਪਤਾਲ ਵਿੱਚ ਲਾਗੂ ਕਰਵਾਇਆ ਸੀ।

## ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਚਿਲਾ ਸਾਹਿਬ ਪਾਤਸ਼ਾਹੀ ਪਹਿਲੀ ਸਿਰਸਾ ਵਿਖੇ

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 9 ਕਿੱਲੇ ਜ਼ਮੀਨ ਦੀ ਰਜਿਸਟਰੀ ਗੁਰਦੁਆਰਾ ਚਿਲਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਜਗਤਾਰ ਸਿੰਘ ਨੂੰ ਸੌਂਪੀ






























ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਚਿਲਾ ਸਾਹਿਬ ਪਾਤਸ਼ਾਹੀ ਪਹਿਲੀ ਸਿਰਸਾ ਵਿਖੇ ਅੱਜ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ 9 ਕਿੱਲੇ ਜ਼ਮੀਨ ਦੀ ਰਜਿਸਟਰੀ ਗੁਰਦੁਆਰਾ ਚਿਲਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਜਗਤਾਰ ਸਿੰਘ ਨੂੰ ਸੌਂਪੀ,ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸ. ਜਗਸੀਰ ਸਿੰਘ ਮਾਂਗੇਆਣਾ ਅੰਤ੍ਰਿੰਗ ਮੈਂਬਰ,ਸ. ਪ੍ਰਕਾਸ਼ ਸਿੰਘ ਸਾਹੂਵਾਲਾ ਮੈਂਬਰ,ਸ. ਪਰਮਜੀਤ ਸਿੰਘ ਮਾਖਾ ਮੈਂਬਰ,ਸ.ਮਾਲਕ ਸਿੰਘ ਭਾਵਦੀਨ ਮੈਂਬਰ,ਬਾਬਾ ਜਗਤਾਰ ਸਿੰਘ ਕਾਰ ਸੇਵਾ ਸਿਰਸਾ,ਬਾਬਾ ਪ੍ਰੀਤਮ ਸਿੰਘ ਮੱਲੜੀ,ਸ.ਮਨਜਿੰਦਰ ਸਿੰਘ ਸਿਰਸਾ ਕੇਂਦਰੀ ਸਕੱਤਰ ਭਾਜਪਾ,ਸ.ਕਮਲਜੀਤ ਸਿੰਘ ਅਜਰਾਣਾ ਸੀਨੀਅਰ ਆਗੂ ਭਾਜਪਾ,ਚੌਧਰੀ ਰਣਜੀਤ ਸਿੰਘ ਚੌਟਾਲਾ ਬਿਜਲੀ ਮੰਤਰੀ ਹਰਿਆਣਾ, ਸ੍ਰੀ ਗੋਪਾਲ ਕਾਂਡਾ ਵਿਧਾਇਕ ਸਿਰਸਾ,ਸੁਨੀਤਾ ਦੁੱਗਲ ਸਾਬਕਾ MP, ਸ੍ਰੀ ਅਸ਼ੋਕ ਤੰਵਰ ਸਾਬਕਾ MP, ਸ੍ਰੀ ਜਗਦੀਸ਼ ਚੋਪੜਾ ਸਿਰਸਾ,ਸ.ਹਰਪਾਲ ਸਿੰਘ ਚੀਕਾ,ਸ.ਜਸਵੀਰ ਸਿੰਘ ਰਿਆੜ ਸਿਰਸਾ ਵੀ ਹਾਜ਼ਰ ਸਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁੱਖ ਮੰਤਰੀ ਨੂੰ ਸਿਰਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV




**ਫ਼ਤਹਿਗੜ੍ਹ ਸਾਹਿਬ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-"ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਪੀ.ਏ.ਸੀ. ਦੇ ਮੈਬਰ ਅਤੇ ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਸ. ਪਰਮਿੰਦਰ ਸਿੰਘ ਬਾਲਿਆਂਵਾਲੀ ਦੇ ਪੁੱਤਰ ਗੁਰਨਾਜ ਸਿੰਘ ਮਾਨ ਜੋ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਿਖੇ ਪੜ੍ਹ ਰਿਹਾ ਹੈ, ਉਸਦਾ ਕੁਝ ਬੰਦਿਆਂ ਨੇ ਵਹੀਕਲਜ ਮਾਰਕੇ ਜਵਾੜਾ ਤੋੜਕੇ ਭੱਜ ਗਏ ਹਨ । ਜਿਸ ਨਾਲ ਸ. ਪਰਮਿੰਦਰ ਸਿੰਘ ਬਾਲਿਆਂਵਾਲੀ ਦੇ ਪੁੱਤਰ ਹਸਪਤਾਲ ਵਿਚ ਆਪ੍ਰੇਟ ਅਧੀਨ ਹਨ । ਪਰ ਦੁੱਖ ਅਤੇ ਅਫ਼ਸੋਸ ਹੈ ਕਿ ਜਲੰਧਰ ਪੁਲਿਸ ਵੱਲੋ ਇਸ ਸੰਬੰਧੀ ਅਜੇ ਤੱਕ ਐਫ.ਆਈ.ਆਰ. ਦਰਜ ਨਹੀ ਕੀਤੀ ਗਈ ਅਤੇ ਨਾ ਹੀ ਮੁਜਰਿਮਾਂ ਦੀ ਭਾਲ ਕਰਕੇ ਗ੍ਰਿਫਤਾਰ ਕਰਨ ਦਾ ਕੋਈ ਅਮਲ ਹੋਇਆ ਹੈ । ਪੁਲਿਸ ਦੀ ਇਸ ਅਣਗਹਿਲੀ ਦਾ ਸਖ਼ਤ ਨੋਟਿਸ ਲੈਦੇ ਹੋਏ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਜਲੰਧਰ ਪੁਲਿਸ ਕਮਿਸਨਰ ਨੂੰ ਸੁਬੋਧਿਤ ਹੁੰਦੇ ਹੋਏ ਕਿਹਾ ਹੈ ਕਿ ਇਸ ਵਿਸੇ ਉਤੇ ਆਪਣੀ ਪੁਲਿਸ ਨੂੰ ਹਦਾਇਤ ਕਰਦੇ ਹੋਏ ਸ. ਗੁਰਨਾਜ ਸਿੰਘ ਮਾਨ ਕਾਕੇ ਦਾ ਨੁਕਸਾਨ ਕਰਨ ਵਾਲੇ ਦੋਸ਼ੀਆਂ ਦੀ ਤੁਰੰਤ ਭਾਲ ਕਰਕੇ ਗ੍ਰਿਫਤਾਰ ਕੀਤਾ ਜਾਵੇ ਅਤੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇ ।"

ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਆਪਣੀ ਪਾਰਟੀ ਦੇ ਸੀਨੀਅਰ ਆਗੂ ਸ. ਪਰਮਿੰਦਰ ਸਿੰਘ ਬਾਲਿਆਂਵਾਲੀ ਦੇ ਸਪੁੱਤਰ ਗੁਰਨਾਜ ਸਿੰਘ ਮਾਨ ਵਿਚ ਵਹੀਕਲ ਮਾਰਕੇ ਉਸਦਾ ਜਵਾੜਾ ਤੋੜਨ ਵਾਲੇ ਦੋਸ਼ੀਆਂ ਦੀ ਭਾਲ ਕਰਕੇ ਤੁਰੰਤ ਗ੍ਰਿਫਤਾਰ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਦੀ ਜਲੰਧਰ ਪੁਲਿਸ ਕਮਿਸਨਰ ਨੂੰ ਜੋਰਦਾਰ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਅਸੀ ਉਮੀਦ ਕਰਦੇ ਹਾਂ ਕਿ ਜਲੰਧਰ ਪੁਲਿਸ ਸਾਡੇ ਇਸ ਪਰਿਵਾਰ ਨੂੰ ਤੁਰੰਤ ਇਨਸਾਫ ਦਿਵਾਉਣ ਵਿਚ ਅਤੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿਚ ਆਪਣੀ ਜਿੰਮੇਵਾਰੀ ਨੂੰ ਪੂਰਨ ਕਰੇਗੀ ।

## ਸਿਵਲ ਸਰਜਨ ਡਾ. ਸੰਜੇ ਗੋਇਲ ਦੀਆਂ ਹਦਾਇਤਾਂ ਅਨੁਸਾਰ ਸਿਵਲ ਹਸਪਤਾਲ ਨਾਭਾ ਵਿਖੇ

# ਬੱਚਿਆਂ ਵਿੱਚ ਖੰਡੇ ਬੁੱਲ੍ਹ ਅਤੇ ਤਾਲੂ ਦੇ ਮੁਫਤ ਇਲਾਜ ਸਬੰਧੀ ਜਾਣਕਾਰੀ ਦਿੱਤੀ

**ਹੈਲਥ ਇੰਸਪੈਕਟਰ ਸਤਪਾਲ ਸਿੰਘ ਨੇ ਦੱਸਿਆ ਕਿ ਖੰਡੇ ਬੁੱਲ੍ਹ ਅਤੇ ਤਾਲੂ ਦਾ ਸਮੇਂ ਸਿਰ ਸਰਕਾਰੀ ਹਸਪਤਾਲਾਂ ਜਾਂ ਸਰਕਾਰੀ ਸਿਹਤ ਸਕੀਮਾਂ ਆਰਬੀਐਸਕੇ ਤਹਿਤ ਵੱਡੇ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਤੋਂ ਮੁਫਤ ਇਲਾਜ ਸੰਭਵ ਹੈ....**



**ਨਾਭਾ,ਪਟਿਆਲਾ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਸਿਵਲ ਸਰਜਨ ਪਟਿਆਲਾ ਡਾ. ਸੰਜੇ ਗੋਇਲ ਦੀਆਂ ਹਦਾਇਤਾਂ ਅਨੁਸਾਰ ਸਿਵਲ ਹਸਪਤਾਲ ਨਾਭਾ ਦੇ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਡਾ. ਰਾਜੀਵ ਭੱਲਾ ਦੀ ਅਗਵਾਈ ਵਿੱਚ ਸਿਵਲ ਹਸਪਤਾਲ ਨਾਭਾ ਵਿਖੇ ਬੱਚਿਆਂ ਵਿੱਚ ਹੋਣ ਵਾਲੇ ਖੰਡੇ ਬੁੱਲ੍ਹ ਅਤੇ ਖੰਡੇ ਤਾਲੂ ਦੇ ਮੁਫਤ ਇਲਾਜ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਡੈਂਟਲ ਸਰਜਨ ਡਾ. ਜਪਨੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਖੰਡਾ ਬੁੱਲ੍ਹ ਅਤੇ ਤਾਲੂ ਜਮਾਂਦਰੂ ਨੁਕਸ ਹਨ ਜੋ ਮੂੰਹ ਅਤੇ ਸਿਰ ਦੀਆਂ ਹੋਰ ਹੱਡੀਆਂ ਜਾਂ ਟਿਸ਼ੂ ਦੇ ਸਹੀ ਪੋਸ਼ਣ ਨਾ ਹੋਣ ਕਾਰਨ ਹੁੰਦਾ ਹੈ। ਇਸ ਨਾਲ ਬੱਚੇ ਨੂੰ ਦੁੱਧ ਪੀਣ ਵਿੱਚ ਤਕਲੀਫ ਹੋ ਸਕਦੀ ਹੈ। ਕੰਨਾਂ ਅਤੇ ਗਲੇ ਦੀ ਇਨਫੈਕਸ਼ਨ, ਦੰਦਾਂ ਦੀਆਂ ਬਿਮਾਰੀਆਂ, ਬੋਲਣ ਚਾਲਣ ਸਬੰਧੀ ਪ੍ਰੇਸ਼ਾਨੀਆਂ ਅਤੇ ਬਾਹਰੀ ਦਿੱਖ ਖਰਾਬ ਦਿਖਦੀ ਹੈ। ਇਸਦੇ ਹੋਣ ਦਾ ਮੁੱਖ ਕਾਰਣ ਗਰਭ ਦੌਰਾਨ ਤੰਬਾਕੂਨੋਸ਼ੀ, ਪਰਿਵਾਰਿਕ ਹਿਸਟਰੀ, ਗਰਭ ਦੌਰਾਨ ਸ਼ੂਗਰ ਦੀ ਬਿਮਾਰੀ, ਫੋਲਿਕ ਐਸਿਡ ਅਤੇ ਜ਼ਿੰਕ ਦੀ ਕਮੀ ਜਾਂ ਗਰਭ ਦੌਰਾਨ ਡਾਕਟਰ ਦੀ ਸਲਾਹ ਬਿਨਾਂ ਦਵਾਈਆਂ ਲੈਣਾ ਹੋ ਸਕਦਾ ਹੈ। ਇਸ ਮੌਕੇ ਹੈਲਥ ਇੰਸਪੈਕਟਰ ਸਤਪਾਲ ਸਿੰਘ ਨੇ ਦੱਸਿਆ ਕਿ ਖੰਡੇ ਬੁੱਲ੍ਹ ਅਤੇ ਤਾਲੂ ਦਾ ਸਮੇਂ ਸਿਰ ਸਰਕਾਰੀ ਹਸਪਤਾਲਾਂ ਜਾਂ ਸਰਕਾਰੀ ਸਿਹਤ ਸਕੀਮਾਂ ਆਰਬੀਐਸਕੇ ਤਹਿਤ ਵੱਡੇ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਤੋਂ ਮੁਫਤ ਇਲਾਜ ਸੰਭਵ ਹੈ। ਜਿਸ ਵਿੱਚ ਖੰਡੇ ਬੁੱਲ੍ਹ ਜਾਂ ਤਾਲੂ ਸਰਜਰੀ, ਦੰਦਾਂ ਦਾ ਇਲਾਜ ਅਤੇ ਬੋਲਣ ਲਈ ਸਪੀਚ ਥਰੈਪੀ ਕਰਵਾਈ ਜਾਂਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਪ੍ਰਭਸਿਮਰਨ ਸਿੰਘ, ਹੈਲਥ ਇੰਸਪੈਕਟਰ ਦਵਿੰਦਰ ਸਿੰਘ, ਡਿਪਟੀ ਮਾਸ ਮੀਡੀਆ ਅਫਸਰ ਪਰਮਿੰਦਰ ਸਿੰਘ, ਲਖਵਿੰਦਰ ਸਿੰਘ ਅਤੇ ਆਮ ਲੋਕ ਮੌਜੂਦ ਸਨ।






ਪ੍ਰਸਿੱਧ ਢਾਡੀ ਜਸਵਿੰਦਰ ਸਿੰਘ ਸ਼ਾਂਤ ਜੋ ਪਿਛਲੇ ਅੱਠ ਮਹੀਨਿਆਂ ਤੋਂ ਬੈਡ ਤੇ ਪਏ ਨੇ ਨਾ ਉਹ ਕਿਸੇ ਨੂੰ ਪਛਾਣ ਦੇ ਨਾ ਬੋਲਦੇ ਆ ਅੱਜ ਉਹਨਾਂ ਦੀ ਸਿਹਤ ਹਾਲ ਚਾਲ ਜਾਨਾ ਲਈ ਉਹਨਾਂ ਦੇ ਘਰ ਨਕੋਦਰ ਵਿਖੇ ਗਏ ਸੀ ਆਪਣਾ ਫ਼ਰਜ਼ ਸਮਝਦਿਆਂ ਸ਼ਾਂਤ ਦੇ ਪਰਿਵਾਰ ਨੂੰ ਤੁਸ਼ ਅਜਿਹੀ ਸੇਵਾ ਭੇਟ ਕੀਤੀ ਅਰਦਾਸ ਕਰਦੇ ਹਾ ਵਾਹਿਗੁਰੂ ਭਾਈ ਸਾਹਿਬ ਜੀਆਂ ਨੂੰ ਤੰਦਰੁਸਤੀ ਚੜਦੀ ਕਲਾ ਬਖਸ਼ਣ ਕਰਨ ਅੱਜ ਲੋੜ ਆ ਸਾਨੂੰ ਸਿੱਖ ਪ੍ਰਚਾਰਕ ਢਾਡੀ ਗ੍ਰੰਥੀ ਸਿੰਘਾਂ ਦੇ ਪਰਿਵਾਰਾਂ ਦੀ ਸਾਰ ਲੈਣ ਦੀ ਭਾਈ ਜਸਵਿੰਦਰ ਸਿੰਘ ਸ਼ਾਂਤ ਜਿਨਾਂ ਨੇ ਸਿੱਖ ਇਤਿਹਾਸ ਦੇ ਨਾਲ ਨਾਲ 1978 ਤੋਂ ਲੈ ਕੇ ਜਿਹੜਾ ਹੁਣ ਤੱਕ ਮੌਜੂਦਾ ਇਤਿਹਾਸ ਸੰਗਤਾਂ ਨੂੰ ਸਰਵਣ ਕਰਵਾਇਆ ਉਹ ਢਾਡੀ ਕਲਾ ਰਾਹੀਂ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦੇ ਸੀ ਢਾਡੀ ਲਿਖਾਰੀ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਜਿਹੜੇ ਸੰਘਰਸ਼ ਕਰ ਰਹੇ ਹੁੰਦੇ ਆ ਉਹਨਾਂ ਬਾਰੇ ਜਾਣਕਾਰੀ ਇਕੱਠੀ ਕਰਨੀ ਉਹ ਇਤਿਹਾਸ ਲਿਖਣਾ ਉਹ ਇਤਿਹਾਸ ਸੁਣਾਉਣਾ ਪਰ ਅਸੀਂ ਅੱਜ ਕਦਰ ਨਹੀਂ ਕਰ ਰਹੇ ਇਸ ਮੌਕੇ ਭਾਈ ਅਮਰ ਸਿੰਘ ਝੋਕ ਹਰੀ ਹਰ ਭਤੀਜੇ ਸ਼ਹੀਦ ਭਾਈ ਗੁਰਜੀਤ ਸਿੰਘ ਸਤਨਾਮ ਸਿੰਘ ਸੰਧੂ ਮਿੰਟੂ ਦੀਪ ਸਿੰਘ ਵਾਲਾ ਦਾਸ ਦਲੇਰ ਸਿੰਘ ਡੋਡ ਹਾਜ਼ਰ ਸਨ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

# ਸ਼ੇਰੇ ਏ ਪੰਜਾਬ ਪੇਂਡੂ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਅੰਗਰੇਜ਼ ਸਿੰਘ ਗੋਰਾ ਮੱਤਾ ਨੂੰ ਦਬਾਉਣ ਲਈ ਝੂਠਾ ਕੇਸ ਦਰਜ ਕੀਤਾ

**ਜੈਤੋ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜੈਤੋ ਹਲਕੇ ਦੇ ਵਿਧਾਇਕ ਲੋਕ ਸਭਾ ਚੋਣਾਂ ਵਿਚ ਆਪਣੀ ਹਾਰ ਤੋਂ ਬੁਖਲਾਹਟ ਵਿਚ ਆਕੇ ਗਰੀਬ ਲੋਕਾਂ ਨਾਲ ਧੱਕਾ ਕਰਕੇ ਵੋਟਾਂ ਨਾ ਪਾਉਣ ਵਾਲੇ ਨਰੇਗਾ ਮਜ਼ਦੂਰਾਂ ਨੂੰ ਕੰਮ ਨਾ ਦੇਣ ਲਈ ਸਬੰਧਤ ਅਧਿਕਾਰੀਆਂ ਉਪਰ ਦਬਾਅ ਪਾ ਰਿਹਾ ਹੈ। ਸ਼ੇਰੇ ਏ ਪੰਜਾਬ ਪੇਂਡੂ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਅੰਗਰੇਜ਼ ਸਿੰਘ ਗੋਰਾ ਮੱਤਾ ਨੂੰ ਦਬਾਉਣ ਲਈ ਝੂਠਾ ਕੇਸ ਦਰਜ ਕੀਤਾ। ਅੱਜ 31 ਜੁਲਾਈ ਨੂੰ 10 ਵਜੇ ਨਹਿਰੂ ਪਾਰਕ ਜੈਤੋ ਵਿਖੇ ਇਕੱਠੇ ਹੋ ਕੇ S.D.M. ਨੂੰ ਮੰਗ ਪੱਤਰ ਦਿੱਤਾ। ਜਲਦੀ ਹੀ ਪਾਰਟੀ ਦਾ ਇਕ ਵਫਦ SSP. ਫ਼ਰੀਦਕੋਟ ਅਤੇ ADC. ਵਿਕਾਸ ਨੂੰ ਇਨਸਾਫ ਲਈ ਮਿਲੇਗਾ।

ਅੱਜ ਰੋਸ ਮਾਰਚ ਇਸ ਮੌਕੇ ਦਲੇਰ ਸਿੰਘ ਡੋਡ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਭਾਈ ਬਲਵਿੰਦਰ ਸਿੰਘ ਰੋਡੇ ਤੇਜਿੰਦਰ ਸਿੰਘ ਰੋਮਾਣਾ ਗੁਰਪ੍ਰੀਤ ਸਿੰਘ ਨੰਬਰਦਾਰ ਰਾਜੋਵਾਲ ਗੁਰਦੀਪ ਸਿੰਘ ਬਠਿੰਡਾ ਬੀਬੀ ਸੰਦੀਪ ਕੋਰ ਪਤਨੀ ਭਾਈ ਸਰਬਜੀਤ ਸਿੰਘ ਖਾਲਸਾ MP ਫਰੀਦਕੋਟ, ਭਾਈ ਨਛੱਤਰ ਸਿੰਘ ਦਬੜੀਖਾਨਾ, ਅੰਗਰੇਜ ਸਿੰਘ ਗੋਰਾ ਮੱਤਾ ਤੇ ਮਜਦੂਰ, ਕਿਸਾਨ ਯੂਨੀਅਨਾ ਦੇ ਸਤਿਕਾਰਤ ਆਗੂ ਵੀ ਹਾਜਰ ਸਨ।

# 'ਭਾਜਪਾ ਹਮੇਸ਼ਾ ਦੇਸ਼ ਹਿੱਤ ਲਈ ਕੰਮ ਕਰਨ ਵਾਲੀ ਪਾਰਟੀ ਹੈ'

**ਸ੍ਰੀ ਅਨੰਦਪੁਰ ਸਾਹਿਬ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਜਨਤਾ ਪਾਰਟੀ ਦੁਨੀਆਂ ਦੀ ਸਭ ਤੋਂ ਵੱਡੀ ਪਾਰਟੀ ਵਜੋਂ ਜਾਣੀ ਜਾਂਦੀ ਹੈ। ਦੇਸ਼ ਦੇ ਪ੍ਰਧਾਨ ਮੰਤਰੀ ਸਤਿਕਾਰ ਦੇ ਨਰਿੰਦਰ ਮੋਦੀ ਜੀ "ਸਭ ਦਾ ਸਾਥ ਸਭ ਦਾ ਵਿਕਾਸ ਸਭ ਕਾ ਵਿਸ਼ਵਾਸ÷ਦੇ ਮੰਤਵ ਨਾਲ ਦੇਸ਼ ਚਲਾ ਰਹੇ ਹਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਨੰਦਪੁਰ ਸਾਹਿਬ ਵਿਖੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਸੀਨੀਅਰ ਭਾਜਪਾ ਆਗੂ ਜਤਿੰਦਰ ਸਿੰਘ ਅਠਵਾਲ ਵਿਧਾਨ ਸਭਾ ਸ਼੍ਰੀ ਅਨੰਦਪੁਰ ਸਾਹਿਬ, ਰਤਨ ਧਨੇੜਾ, ਬਲਰਾਮ ਪਰਾਸਰ , ਵਿਜੇ ਭਾਟੀਆ ਬਲਾਚੌਰ ਵੱਲੋਂ ਕੀਤਾ ਗਿਆ ਉਕਤ ਭਾਜਪਾ ਆਗੂਆਂ ਨੇ ਕਿਹਾ ਕਿ ਪੰਜਾਬ ਅੰਦਰ ਵੀ ਬੀਤੇ ਸਮੇਂ ਦੌਰਾਨ ਹੋਏ ਵਿਧਾਨ ਸਭਾ ਚੋਣਾਂ ਦੌਰਾਨ ਭਾਜਪਾ ਦਾ ਗਰਾਫ ਵੱਡੇ ਪੱਧਰ ਤੇ ਵਧਿਆ ਹੈ ਇਹਨਾਂ ਆਗੂਆਂ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਹਰ ਵਰਗ ਨੂੰ ਨਾਲ ਲੈ ਕੇ ਚਲਦੇ ਹਨ ਅਤੇ ਉਨਾਂ ਦੇ ਸਮੇਂ ਦੌਰਾਨ ਦੇਸ਼ ਹਰ ਪੱਖੋਂ ਮਜਬੂਤ ਹੋਇਆ ਇਸ ਮੌਕੇ ਉਹਨਾਂ ਇਹ ਵੀ ਕਿਹਾ ਕਿ ਦਰਜਨਾਂ ਅਜਿਹੀਆਂ ਸੁਵਿਧਾਵਾਂ ਹਨ ਜਿਹੜੀਆਂ ਕੇਂਦਰ ਸਰਕਾਰ ਵੱਲੋਂ ਆਮ ਲੋਕਾਂ ਨੂੰ ਮੁਹਈਆ ਕਰਾਈਆਂ ਜਾ ਰਹੀਆਂ ਹਨ ਉਹਨਾਂ ਕਿਹਾ ਕਿ ਵਾਤਾਵਰਣ ਨੂੰ ਹੋਰ ਸ਼ੁੱਧ ਰੱਖਣ ਲਈ ਪ੍ਰਧਾਨ ਮੰਤਰੀ ਵੱਲੋਂ ਚਲਾਈ ਗਈ ਯੋਜਨਾ ਵੀ ਨਵੇਂ ਪੌਦੇ ਲਾਉਣ ਦੀ ਯੋਜਨਾ ਵੀ ਵੱਡੇ ਪੱਧਰ ਤੇ ਜਮੀਨੀ ਸਤਰ ਤੇ ਚੱਲ ਰਹੀ ਹੈ ਉਹਨਾਂ ਕਿਹਾ ਕਿ ਦੇਸ਼ ਅੰਦਰ ਸੜਕਾਂ ਰੇਲ ਸੇਵਾਵਾਂ ਰੁਜ਼ਗਾਰ, ਵਪਾਰ ਅਤੇ ਹੋਰ ਦੇਸ਼ ਪੱਖੀ ਸੁਵਿਧਾਵਾਂ ਵਿੱਚ ਵੱਡੀ ਕ੍ਰਾਂਤੀ ਆਈ ਹੈ ਉਹਨਾਂ ਕਿਹਾ ਕਿ ਜਿੱਥੇ ਸਤਿਕਾਰਯੋਗ ਨਰਿੰਦਰ ਮੋਦੀ ਜੀ ਵੱਲੋਂ ਹਿੰਦੁਸਤਾਨ ਨੂੰ ਮਜਬੂਤ ਕੀਤਾ ਗਿਆ ਹੈ ਉਥੇ ਹੀ ਅੱਜ ਹਿੰਦੁਸਤਾਨ ਦੇ ਲੋਕਾਂ ਦਾ ਵਿਦੇਸ਼ਾਂ ਵਿੱਚ ਪੂਰਾ ਰੁਤਬਾ ਤੇ ਮਾਣ ਵਧਿਆ ਨਰਿੰਦਰ ਮੋਦੀ ਜੀ ਦੁਨੀਆਂ ਦੇ ਸਭ ਤੋਂ ਤਾਕਤਵਰ ਨੇਤਾਵਾਂ ਦੀ ਪਹਿਲੀ ਲਾਈਨ ਵਿੱਚ ਸਭ ਤੋਂ ਅੱਗੇ ਹਨ ਅੱਗੇ ਹਨ।

# ਸ੍ਰੀ ਸ਼ਾਦੀ ਲਾਲ ਆਂਗਰਾ ਮੈਮੋਰੀਅਲ ਸੋਸਾਇਟੀ ਵੱਲੋਂ ਖ਼ੂਨਦਾਨ ਕੈਂਪ 4 ਅਗਸਤ ਨੂੰ

**ਸ੍ਰੀ ਅਨੰਦਪੁਰ ਸਾਹਿਬ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਸ਼ਾਦੀ ਲਾਲ ਆਂਗਰਾ ਮਮੋਰੀਅਲ ਸੋਸਾਇਟੀ ਵੱਲੋ 11ਵਾ ਖ਼ੂਨ ਦਾਨ ਕੈਂਪ 4 ਅਗਸਤ ਨੂੰ ਭਾਈ ਜੈਤਾ ਜੀ ਸਿਵਿਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਗਾਇਆ ਜਾ ਰਿਹਾ ਹੈ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਮਾਜ ਸੇਵੀ ਤੇ ਮੈਂਬਰ ਸੋਸਾਇਟੀ ਕੇ ਕੇ ਬੇਦੀ ਅਤੇ ਸੀਨੀਅਰ ਪੱਤਰਕਾਰ ਰਾਜਪਾਲ ਆਂਗਰਾ ਨੇ ਸਾਂਝੇ ਤੌਰ ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਸ਼ਾਦੀ ਲਾਲ ਮੈਮੋਰੀਅਲ ਸੋਸਾਇਟੀ ਵੱਲੋਂ ਇਹ ਖ਼ੂਨਦਾਨ ਕੈਂਪ ਉਹਨਾਂ ਦੀ ਸਲਾਨਾ ਬਰਸੀ ਨੂੰ ਸਮਰਪਿਤ ਹੋਵੇਗਾ ਅਤੇ ਇਹ ਕੈਂਪ ਸਵੇਰੇ 9 ਵਜੇ ਤੋਂ ਲੈ ਕੇ ਦੁਪਹਿਰ 2 ਵਜੇ ਤੱਕ ਚੱਲੇਗਾ।